ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, ੫ ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੦ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪਿੰਡ ਭੰਮੇ ਕਲਾਂ 'ਚ ਹੋਵੇਗਾ ਦਲਜੀਤ ਸਿੰਘ ਸਸਕਾਰ ! ਹਾਈਕੋਰਟ 'ਚ ਸਾਰੇ ਪੱਖਾਂ ਨੇ ਭਰੀ ਹਾਮੀ, ਪਤਨੀ ਨੇ ਵੀ ਦਿੱਤੀ ਸਹਿਮਤੀ

**ਚੰਡੀਗੜ੍ਹ/ਮਾਨਸਾ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਮਾਨਸਾ ਦੇ ਪਿੰਡ ਭੰਮੇ ਕਲਾਂ 'ਚ ਨਸ਼ੇ ਦੀ ਭੇਂਟ ਚੜ੍ਹੇ ਦਲਜੀਤ ਸਿੰਘ ਦੇ ਮਾਮਲੇ ਵਿੱਚ ਪੰਜਾਬ-ਹਰਿਆਣਾ ਹਾਈਕੋਰਟ ਨੇ ਅੰਤਿਮ ਸਸਕਾਰ ਨੂੰ ਲੈ ਕੇ ਮਹੱਤਵਪੂਰਨ ਹੁਕਮ ਜਾਰੀ ਕੀਤੇ ਹਨ। ਹਾਈਕੋਰਟ ਨੇ ਮ੍ਰਿਤਕ ਦਲਜੀਤ ਸਿੰਘ ਦਾ ਸਸਕਾਰ ਉਸ ਦੇ ਜੱਦੀ ਪਿੰਡ ਵਿੱਚ ਹੀ ਕਰਨ ਦੇ ਨਿਰਦੇਸ਼ ਦਿੱਤੇ ਹਨ। ਬੁੱਧਵਾਰ, ਦਲਜੀਤ ਸਿੰਘ ਦਾ ਪਿੰਡ 'ਚ ਸਸਕਾਰ ਕਰਨ ਦੀ ਪਟੀਸ਼ਨ 'ਤੇ ਸੁਣਵਾਈ ਦੌਰਾਨ ਸਾਰੀਆਂ ਧਿਰਾਂ ਨੇ ਇਸ 'ਤੇ ਸਹਿਮਤੀ ਦਿੱਤੀ, ਜਿਸ ਵਿੱਚ ਮ੍ਰਿਤਕ ਦੀ ਪਤਨੀ ਵੀ ਸ਼ਾਮਲ ਸੀ। ਸੁਣਵਾਈ ਦੌਰਾਨ, ਦਲਜੀਤ ਸਿੰਘ ਦੀ ਪਤਨੀ ਵੀ ਅਦਾਲਤ ਵਿੱਚ ਮੌਜੂਦ ਸੀ।ਹਾਈ ਕੋਰਟ ਨੇ ਕਿਹਾ ਕਿ ਜੇਕਰ ਤੁਸੀਂ ਚਾਹੋ ਤਾਂ ਅਸੀਂ ਤੁਹਾਡੀ ਇੱਛਾ ਅਨੁਸਾਰ ਦਲਜੀਤ ਸਿੰਘ ਦੇ ਅੰਤਿਮ ਸੰਸਕਾਰ ਦੀ ਇਜਾਜ਼ਤ ਦੇ ਸਕਦੇ ਹਾਂ।ਪਰ ਤੁਹਾਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਅੰਤਿਮ ਸੰਸਕਾਰ ਕੱਲ੍ਹ ਹੋਵੇ ਅਤੇ ਕੋਈ ਵੀ ਰਾਜਨੀਤਿਕ ਹਸਤੀ ਹਾਜ਼ਰ ਨਾ ਹੋਵੇ।ਸਿਰਫ਼ ਤੁਹਾਡੇ ਪਰਿਵਾਰਕ ਮੈਂਬਰ ਹੀ ਹਾਜ਼ਰ ਹੋਣ। ਉਨ੍ਹਾਂ ਦੀ ਪਤਨੀ ਇਸ ਲਈ ਸਹਿਮਤ ਹੋ ਗਈ ਹੈ। ਹਾਈ ਕੋਰਟ ਨੇ ਕਿਹਾ ਕਿ ਉਹ ਨਹੀਂ ਚਾਹੁੰਦੇ ਕਿ ਇਹ ਮਾਮਲਾ ਹੋਰ ਵਧੇ। ਇਹ ਸਭ ਤੋਂ ਵਧੀਆ ਹੋਵੇਗਾ, ਜੇਕਰ ਅੰਤਿਮ ਸਸਕਾਰ ਕੱਲ੍ਹ ਸਵੇਰੇ 11 ਵਜੇ ਤੱਕ ਹੋ ਜਾਵੇ। ਇਸ 'ਤੇ ਸਾਰੀਆਂ ਧਿਰਾਂ ਸਹਿਮਤ ਹੋਈਆਂ ਹਨ ਕਿ ਦਲਜੀਤ ਸਿੰਘ ਦਾ ਅੰਤਿਮ ਸਸਕਾਰ ਕੱਲ੍ਹ ਸਵੇਰੇ 11 ਵਜੇ ਉਨ੍ਹਾਂ ਦੇ ਪਿੰਡ ਭੂਮੀ ਕਲਾਂ ਵਿੱਚ ਹੋਵੇਗਾ।

## ਲੱਖਾ ਸਿਧਾਣਾ ਤੇ ਹੋਰ ਆਗੂਆਂ ਦੀ ਰਿਹਾਈ 'ਤੇ ਬਣੀ ਸਹਿਮਤੀ

# 2 ਕਰੋੜ ਰੁਪਏ ਦਾ ਮੁਆਵਜ਼ਾ, ਨੌਕਰੀ -ਆਗੂਆਂ ਦੇ ਬਾਹਰ ਆਉਣ ਤੇ ਹੋਵੇਗਾ ਪੋਸਟ ਮਾਰਟਮ ਅਤੇ ਅੰਤਿਮ ਸੰਸਕਾਰ

**ਮਾਨਸਾ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪਰਵਿੰਦਰ ਸਿੰਘ ਝੋਟਾ ਨੂੰ ਇਨਸਾਫ਼ ਦਿਵਾਉਣ ਲਈ ਚੱਲ ਰਹੇ ਸੰਘਰਸ਼ ਦੇ 23ਵੇਂ ਦਿਨ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਅਤੇ ਐਕਸ਼ਨ ਕਮੇਟੀ ਵਿਚਾਲੇ 5 ਘੰਟੇ ਚੱਲੀ ਮੀਟਿੰਗ ਵਿੱਚ ਲੱਖਾ ਸਿਧਾਣਾ ਤੇ ਹੋਰ ਆਗੂਆਂ ਦੀ ਰਿਹਾਈ ਅਤੇ ਹੋਰਨਾਂ ਮੰਗਾਂ 'ਤੇ ਸਹਿਮਤੀ ਬਣ ਗਈ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਪੁਲੀਸ ਦੇ ਉੱਚ ਅਧਿਕਾਰੀਆਂ ਨਾਲ ਹੋਈ।ਆਗੂਆਂ ਦੀ ਰਿਹਾਈ ਮਗਰੋਂ ਹੋਵੇਗਾ ਪੋਸਟ ਮਾਰਟਮ ਤੇ ਅੰਤਿਮ ਸੰਸਕਾਰ। ਇਸ

- ਪੰਜਾਬ ਸਰਕਾਰ ਦੇ ਨੁਮਾਇੰਦਿਆਂ ਅਤੇ ਐਕਸ਼ਨ ਕਮੇਟੀ ਵਿਚਾਲੇ ਕਈ 5,ਘੰਟੇ ਚੱਲੀ ਮੀਟਿੰਗ;
- ਦਲਜੀਤ ਸਿੰਘ ਭੰਮੇ ਦੇ ਪਰਿਵਾਰ ਨੂੰ ਵੀ ਨੌਕਰੀ ਅਤੇ ਮੁਆਵਜ਼ੇ ਦਾ ਭਰੋਸਾ
- 5 ਨਵੰਬਰ ਨੂੰ ਮੁੱਖ ਮੰਤਰੀ ਦੀ ਰਿਹਾਇਸ਼ ਦੇ ਘਿਰਾਓ ਦਾ ਐਕਸ਼ਨ ਮੁਲਤਵੀ
- ਪੰਜਾਬ ਦੇ ਏ ਡੀ ਜੀ ਪੀ ਚੀਮਾ ਅਤੇ ਕਲਵੰਤ ਸਿੰਘ ਰਾਏ ਦੇ ਯਤਨਾਂ ਸਦਕਾ ਅੱਜ ਮੰਤਰੀ ਦੀ ਐਕਸ਼ਨ ਕਮੇਟੀ ਨਾਲ ਮੀਟਿੰਗ ਹੋਈ



ਦੇ ਨਾਲ ਹੀ 5 ਨਵੰਬਰ ਨੂੰ ਮੁੱਖ ਮੰਤਰੀ ਦੀ ਰਿਹਾਇਸ਼ ਦੇ ਘਿਰਾਓ ਦਾ ਐਕਸ਼ਨ ਮੁਲਤਵੀ ਕਰ ਦਿੱਤਾ ਗਿਆ ਹੈ। ਦਲਜੀਤ ਸਿੰਘ ਭੰਮੇ ਦੇ ਪਰਿਵਾਰ ਨੂੰ ਵੀ ਨੌਕਰੀ ਅਤੇ ਮੁਆਵਜ਼ੇ ਦਾ ਭਰੋਸਾ ਜਿੱਕਰਯੋਗ ਇਹ ਹੈ ਕਿ ਮਾਨਸਾ ਸਾਬਕਾ ਡੀਸੀ ਅਤੇ ਡਰੈਕਟਰ ਉਚੇਰੀ ਸਿੱਖਿਆ ਕਲਵੰਤ ਸਿੰਘ ਆਈ ਏ ਐਸ ਅਤੇ ਮਾਨਸਾ ਸਾਬਕਾ ਐਸ ਐਸ ਪੀ ਅਤੇ ਪੰਜਾਬ ਦੇ ਮੌਜੂਦਾ ਏ ਡੀ ਜੀ ਪੀ ਗੌਤਮ ਚੀਮਾ ਆਈ ਪੀ ਐਸ ਨੇ ਵੀ ਸੰਘਰਸ਼ ਕਮੇਟੀ ਨਾਲ ਵਾਰ ਵਾਰ ਮੀਟਿੰਗ ਨੇ ਇਹ ਸਹਿਮਤ ਬਣੀ ਤੋਂ ਬਾਅਦ ਅੱਜ ਪੰਜਾਬ ਸਰਕਾਰ ਮੰਤਰੀ ਨਾਲ ਮੀਟਿੰਗ ਮੰਗਾਂ ਪੂਰੀਆਂ ਹੋਈਆਂ ।ਐਕਸ਼ਨ ਕਮੇਟੀ ਦੇ ਮੀਡੀਆ ਇੰਚਾਰਜ ਹਰਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਮੀਟਿੰਗ ਦੌਰਾਨ ਜੇਲ੍ਹਾਂ ਵਿੱਚ ਬੰਦ ਲੱਖਾ ਸਿਧਾਣਾ ਅਤੇ ਹੋਰ ਆਗੂਆਂ ਦੀ ਰਿਹਾਈ ਦੇ ਮੁੱਦੇ 'ਤੇ ਕਈ ਘੰਟੇ ਪੇਚ ਅੜਿਆ ਰਿਹਾ। ਹੋਰ ਮੰਗਾਂ 'ਤੇ ਲਗਭਗ ਸਹਿਮਤੀ ਬਣਨ ਦੇ ਬਾਵਜੂਦ ਐਕਸ਼ਨ ਕਮੇਟੀ ਆਗੂਆਂ ਦੀ ਰਿਹਾਈ ਤੋਂ ਬਿਨਾਂ ਪੋਸਟਮਾਰਟਮ ਅਤੇ ਅੰਤਿਮ ਸੰਸਕਾਰ ਲਈ ਸਹਿਮਤ ਨਹੀਂ ਸੀ। ਸ੍ਰੀ ਸਿੱਧੂ ਅਨੁਸਾਰ ਮੀਟਿੰਗ ਵਿੱਚ ਖਿਆਲਾ ਕਲਾਂ ਵਿਖੇ ਝੋਟਾ ਦੇ ਨਾਮ 'ਤੇ ਟਰੌਮਾ ਸੈਂਟਰ ਬਣਾਉਣ ਲਈ ਇੱਕ ਹਫ਼ਤੇ ਵਿੱਚ ਮਨਜ਼ੂਰੀ ਦੇਣ 'ਤੇ ਸਹਿਮਤੀ ਬਣੀ। ਇਸ ਤੋਂ ਇਲਾਵਾ ਸਬੰਧਤ ਪੁਲੀਸ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਵਿਰੁੱਧ ਸਮਾਂਬੱਧ ਉੱਚ ਪੱਧਰੀ ਜਾਂਚ ਕਰਵਾਉਣ ਅਤੇ ਝੋਟਾ ਦੇ ਪਰਿਵਾਰ ਨੂੰ ਨੌਕਰੀ ਤੇ ਮੁਆਵਜ਼ਾ ਦੇਣ ਦਾ ਭਰੋਸਾ ਦਿੱਤਾ ਗਿਆ। ਪਰਿਵਾਰ ਮੁਤਾਬਕ ਝੋਟਾ ਦੀ ਯਾਦ ਵਿੱਚ ਬੁੱਤ ਲਗਾਉਣ 'ਤੇ ਸਹਿਮਤੀ ਬਣ ਗਈ ਹੈ, ਪਰ ਘਟਨਾ ਵਾਲੀ ਥਾਂ 'ਤੇ ਬੁੱਤ ਲਗਾਉਣ ਬਾਰੇ ਸਹਿਮਤੀ ਨਹੀਂ ਬਣ ਸਕੀ। ਇਸ ਸਬੰਧੀ ਸਰਕਾਰ ਦੇ ਨੁਮਾਇੰਦਿਆਂ ਦਾ ਕਹਿਣਾ ਸੀ ਕਿ ਘਟਨਾ ਵਾਲੀ ਥਾਂ ਨਿੱਜੀ ਜਾਇਦਾਦ ਹੋਣ ਕਾਰਨ ਉੱਥੇ ਬੁੱਤ ਲਗਾਉਣ ਵਿੱਚ ਕਾਨੂੰਨੀ ਅੜਚਣ ਆ ਸਕਦੀ ਹੈ।

ਸ੍ਰੀ ਸਿੱਧੂ ਨੇ ਦੱਸਿਆ ਕਿ ਐਕਸ਼ਨ ਕਮੇਟੀ ਨੇ ਗ੍ਰਿਫ਼ਤਾਰ ਆਗੂਆਂ ਦੀ ਬਿਨਾਂ ਸ਼ਰਤ ਰਿਹਾਈ ਅਤੇ ਉਨ੍ਹਾਂ ਖ਼ਿਲਾਫ਼ ਦਰਜ ਪਰਚੇ ਰੱਦ ਕਰਨ ਦੀ ਮੰਗ ਰੱਖੀ। ਕਮੇਟੀ ਦੀਆਂ ਮੰਗਾਂ ਵਿੱਚ 13 ਅਕਤੂਬਰ ਤੋਂ ਸ਼ੁਰੂ ਹੋਏ ਸੰਘਰਸ਼ ਦੌਰਾਨ ਭੰਮੇ ਕਲਾਂ, ਬੁਢਲਾਡਾ ਅਤੇ ਅਕਲੀਆ ਨਾਲ ਸਬੰਧਤ ਦਰਜ ਪਰਚਿਆਂ ਤੋਂ ਇਲਾਵਾ ਪੰਜਾਬ ਭਰ ਵਿੱਚ ਫਲੈਕਸ ਪਾੜਨ ਬਾਰੇ ਦਰਜ ਪਰਚੇ ਅਤੇ ਝੋਟਾ ਦੇ ਪਿਤਾ ਤੇ ਐਂਟੀ ਡਰੱਗ ਟਾਸਕ ਫੋਰਸ ਦੇ ਕਾਰਕੁਨਾਂ ਖ਼ਿਲਾਫ਼ ਪਹਿਲਾਂ ਤੋਂ ਦਰਜ ਕਥਿਤ ਝੂਠੇ ਪਰਚੇ ਰੱਦ ਕਰਨਾ ਵੀ ਸ਼ਾਮਲ ਸੀ।

ਇਸ ਮੌਕੇ ਪਰਿਵਾਰ ਵੱਲੋਂ ਭੀਮ ਸਿੰਘ ਫ਼ੌਜੀ, ਬੀਬੀ ਮਨਪ੍ਰੀਤ ਕੌਰ ਅਤੇ ਸੂਬੇਦਾਰ ਹਰਪ੍ਰੀਤ ਸਿੰਘ; ਨਸ਼ਿਆਂ ਵਿਰੋਧੀ ਟਾਸਕ ਫੋਰਸ ਦੇ ਆਗੂ ਗਗਨਦੀਪ ਸਿਰਸੀਵਾਲਾ, ਅਮਨ ਪਟਵਾਰੀ, ਕੁਲਵਿੰਦਰ ਸਿੰਘ ਸੁੱਖੀ ਅਤੇ ਭੁਪਿੰਦਰ ਸਿੰਘ ਰੂਬੀ; ਐਕਸ਼ਨ ਕਮੇਟੀ ਵੱਲੋਂ ਰਾਜਵਿੰਦਰ ਰਾਣਾ, ਕ੍ਰਿਸ਼ਨ ਚੌਹਾਨ, ਹਰਿੰਦਰ ਸਿੰਘ ਮਾਨਸ਼ਾਹੀਆ, ਡਾ. ਧੰਨਾ ਮੱਲ ਗੋਇਲ, ਗੁਰਜੰਟ ਸਿੰਘ ਮਾਨਸਾ, ਬੋਘ ਸਿੰਘ ਮਾਨਸਾ, ਨਿਰਮਲ ਸਿੰਘ ਝੰਡੂਕੇ, ਡਾ ਲਖਵਿੰਦਰ ਮੂਸਾ,ਇੰਦਰਜੀਤ ਸਿੰਘ ਮੁਨਸ਼ੀ, ਦਿਲਬਾਗ ਸਿੰਘ ਗੱਗੀ, ਮਹਿੰਦਰ ਸਿੰਘ ਭੈਣੀਬਾਘਾ, ਕੁਲਵੰਤ ਸਿੰਘ ਕਿਸ਼ਨਗੜ੍ਹ, ਤਰਸੇਮ ਸਿੰਘ ਗੋਬਿੰਦਪੁਰਾ, ਮੁਨੀਸ਼ ਬੱਬੀ ਦਾਨੇਵਾਲੀਆ, ਰਾਜੂ ਦਰਾਕਾ, ਸੁਰੇਸ਼ ਨੰਦਗੜੀਆ, ਬਲਜੀਤ ਸ਼ਰਮਾ, ਡਾ. ਜਨਕ ਰਾਜ ਸਿੰਗਲਾ, ਮਾਨਿਕ ਗੋਇਲ, ਜਥੇਦਾਰ ਸਿਕੰਦਰ ਸਿੰਘ, ਸੁਖਵਿੰਦਰ ਸਿੰਘ ਔਲਖ, ਪ੍ਰੇਮ ਅਰੋੜਾ, ਗੁਰਪ੍ਰੀਤ ਸਿੰਘ ਝੱਬਰ, ਹਰਦੀਪ ਸਿੱਧੂ, ਭਗਵੰਤ ਸਿੰਘ ਸਮਾਓ, ਮਨਦੀਪ ਸਿੰਘ ਗੋਰਾ, ਕੁਲਵਿੰਦਰ ਸਿੰਘ ਉੱਡਤ, ਜਸਵੀਰ ਕੌਰ ਨੱਤ, ਹੰਸ ਰਾਜ ਮੋਫ਼ਰ, ਕਰਮਜੀਤ ਸਿੰਘ ਮਾਣੂੰਕੇ, ਅਰਵਿੰਦਰ ਕੌਰ, ਨਰਿੰਦਰ ਬੁਰਜ ਹਮੀਰਾ, ਸੁਖਜੀਤ ਰਾਮਾਨੰਦੀ, ਸਾਬਕਾ ਸੂਬੇਦਾਰ ਦਰਸ਼ਨ ਸਿੰਘ, ਰਾਜਦੀਪ ਗੇਹਲੇ, ਹਰਚਰਨ ਸਿੰਘ ਕੇਕੇਯੂ ਅਤੇ ਭਜਨ ਸਿੰਘ ਘੁੰਮਣ ਹਾਜ਼ਰ ਸਨ।

## ਪੰਜਾਬ ਦੀ ਸਿਆਸਤ 'ਚ ਵੱਡਾ ਧਮਾਕਾ, ਪ੍ਰੋ. ਚੰਦੂਮਾਜਰਾ ਨੇ ਛੱਡਿਆ ਪੁਨਰ ਸੁਰਜੀਤ

**ਪਟਿਆਲਾ , 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਦੇ ਪੁਨਰ ਸੁਰਜੀਤ ਨੂੰ ਵੱਡਾ ਝਟਕਾ ਲੱਗਾ ਹੈ। ਸਾਬਕਾ ਮੰਤਰੀ ਤੇ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਆਪਣੇ ਆਪ ਨੂੰ ਪਾਰਟੀ ਤੋਂ ਵੱਖ ਕਰ ਲਿਆ ਹੈ। ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਮੇਰੇ ਵੱਲੋਂ ਪਿਛਲੇ ਦਿਨੀਂ ਪੰਥਕ ਏਕਤਾ ਲਈ ਇਕ ਮੰਚ 'ਤੇ ਇਕੱਠੇ ਹੋਣ ਦੀ ਕੀਤੀ ਅਪੀਲ 'ਤੇ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਜਨਤਕ ਤੌਰ 'ਤੇ ਦਿੱਤੇ ਪ੍ਰਤੀਕਰਮ ਤੋਂ ਮਹਿਸੂਸ ਹੋਇਆ ਹੈ ਕਿ ਉਨ੍ਹਾਂ ਨਾਲ ਸਾਡੀ ਸੋਚ, ਵਿਚਾਰ ਅਤੇ ਕਾਰਜਸ਼ੈਲੀ ਆਪਸੀ ਤੌਰ 'ਤੇ ਮੇਲ ਨਹੀਂ ਖਾਂਦੀ।ਇਸ ਲਈ ਮੇਰੇ ਵੱਲੋਂ ਆਪਣੇ ਅਤੇ ਗਿਆਨੀ ਹਰਪ੍ਰੀਤ ਸਿੰਘ ਦੇ ਮਨਾਂ ਤੋਂ ਬੇਲੋੜਾ ਭਾਰ ਉਤਾਰਦਿਆਂ ਪੁਨਰ ਸੁਰਜੀਤ ਅਕਾਲੀ ਦਲ ਜਥੇਬੰਦੀ ਤੋਂ ਵੱਖ ਹੋਣ ਦਾ ਫ਼ੈਸਲਾ ਕੀਤਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਪੰਥ, ਪੰਜਾਬ, ਪੰਜਾਬੀਅਤ ਅਤੇ ਪੰਜਾਬ ਦੇ ਹੱਕਾਂ ਦੀ ਰਾਖੀ ਲਈ ਉਨ੍ਹਾਂ ਦੀ ਵਚਨਬੱਧਤਾ ਪਹਿਲਾਂ ਵਾਂਗ ਹੀ ਕਾਇਮ ਰਹੇਗੀ। ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਥ ਅਤੇ ਪੰਜਾਬ ਦੀ ਨੁਮਾਇੰਦਾ ਜਮਾਤ ਹੈ ਅਤੇ ਉਨ੍ਹਾਂ ਨੂੰ ਮਾਣ ਹੈ ਕਿ ਆਪਣੇ ਜਨਤਕ ਤੇ ਰਾਜਨੀਤਕ ਜੀਵਨ ਦੌਰਾਨ ਉਨ੍ਹਾਂ ਨੇ ਹਮੇਸ਼ਾ ਪੰਥ ਅਤੇ ਪੰਜਾਬ ਦੇ ਹੱਕਾਂ ਲਈ ਲੜੇ ਹਰ ਸੰਘਰਸ਼ ਵਿਚ ਅੱਗੇ ਹੋ ਕੇ ਭੂਮਿਕਾ ਨਿਭਾਈ ਹੈ ਪਰ ਮੌਜੂਦਾ ਹਾਲਾਤ ਵਿਚ ਪੰਜਾਬ ਦੇ ਹੱਕਾਂ ਅਤੇ ਹਿੱਤਾਂ ਲਈ ਕੋਈ ਸਾਰਥਕ ਭੂਮਿਕਾ ਨਾ ਨਿਭਾਅ ਸਕਣ ਦੀ ਉਨ੍ਹਾਂ ਦੇ ਮਨ ਵਿਚ ਵੱਡੀ ਪੀੜ ਹੈ। ਚੰਦੂਮਾਜਰਾ ਨੇ ਕਿਹਾ ਕਿ ਸਰਕਾਰ ਦੇ ਲੋਕ ਵਿਰੋਧੀ ਅਤੇ ਪੰਜਾਬ ਵਿਰੋਧੀ ਫ਼ੈਸਲਿਆਂ ਦੇ ਬਾਵਜੂਦ ਸਿਆਸੀ ਸਰਗਰਮੀਆਂ ਦੀ ਘਾਟ ਕਾਰਨ ਸਾਡੀ ਭੂਮਿਕਾ ਸਿਰਫ਼ ਅਖ਼ਬਾਰਾਂ ਦੇ ਬਿਆਨਾਂ ਤੱਕ ਸੀਮਤ ਹੋ ਕੇ ਰਹਿ ਗਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਵੱਖ-ਵੱਖ ਧੜਿਆਂ ਵਿਚ ਵੰਡੇ ਹੋਣ ਦਾ ਪੰਥ ਵਿਰੋਧੀ ਤਾਕਤਾਂ ਫਾਇਦਾ ਉਠਾ ਰਹੀਆਂ ਹਨ, ਇਸ ਲਈ ਸਮੂਹ ਅਕਾਲੀ ਅਤੇ ਪੰਥਕ ਧਿਰਾਂ ਦਾ ਇਕ ਮੰਚ 'ਤੇ ਇਕੱਠੇ ਹੋਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪੰਜਾਬ ਪੱਖੀ ਤਾਕਤਾਂ ਦੀ ਏਕਤਾ ਅਤੇ ਸਾਂਝੀ ਆਵਾਜ਼ ਹੀ ਸੂਬੇ ਦੇ ਹਿੱਤਾਂ ਦੀ ਰਾਖੀ ਕਰ ਸਕਦੀ ਹੈ।



## 'ਆਪ' ਵਿਧਾਇਕਾ ਡਾ. ਅਮਨਦੀਪ ਕੌਰ ਦੇ ਘਰ ਈਡੀ ਦੀ ਰੇਡ, ਪਤੀ ਸਮੇਤ ਪਰਿਵਾਰਕ ਮੈਂਬਰਾਂ ਦੀਆਂ 7 ਥਾਂਵਾਂ 'ਤੇ ਵੀ ਰੇਡ


**ਚੰਡੀਗੜ੍ਹ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕੇਂਦਰੀ ਏਜੰਸੀਆਂ ਵੱਲੋਂ ਲਗਾਤਾਰ ਕਾਰਵਾਈਆਂ ਦਾ ਦੌਰਾ ਜਾਰੀ ਹੈ। ਬੀਤੇ ਦਿਨ, ਸਾਬਕਾ ਕਾਂਗਰਸੀ ਮੰਤਰੀ ਸ਼ਾਮ ਸੁੰਦਰ ਅਰੋੜਾ ਦੇ ਘਰ ਰੇਡ ਤੋਂ ਬਾਅਦ ਹੁਣ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਵੱਲੋਂ ਮੋਗਾ ਵਿੱਚ ਦਸਤਕ ਦਿੱਤੀ ਗਈ ਹੈ। ਈਡੀ ਵੱਲੋਂ ਆਮ ਆਦਮੀ ਪਾਰਟੀ ਦੀ ਵਿਧਾਇਕਾ ਡਾ. ਅਮਨਦੀਪ ਕੌਰ ਦੇ ਘਰ ਛਾਪਾ ਮਾਰਿਆ ਗਿਆ ਹੈ।



ਜਾਣਕਾਰੀ ਅਨੁਸਾਰ, ਜਾਂਚ ਏਜੰਸੀ ਵੱਲੋਂ ਬੁੱਧਵਾਰ ਤੜਕਸਾਰ 2 ਵਜੇ ਦੇ ਲਗਭਗ ਵਿਧਾਇਕਾ ਦੇ ਘਰ ਦਸਤਕ ਦਿੱਤੀ ਗਈ।ਰੇਡ ਦੀਆਂ ਤਸਵੀਰਾਂ ਵੀ ਸਾਹਮਣੇ ਆਈਆਂ ਹਨ, ਜਿਸ ਵਿੱਚ 3 ਗੱਡੀਆਂ ਵਿਖਾਈ ਦੇ ਰਹੀਆਂ ਹਨ ਅਤੇ ਘਰ ਅੰਦਰ ਸੀਆਰਪੀਐਫ਼ ਦੇ ਜਵਾਨ ਵੀ ਖੜੇ ਹੋਏ ਹਨ। ਜਾਣਕਾਰੀ ਅਨੁਸਾਰ, ਈਡੀ ਵੱਲੋਂ ਪੰਜਾਬ ਭਰ ਵਿੱਚ 07 ਥਾਂਵਾਂ 'ਤੇ ਤਲਾਸ਼ੀ ਮੁਹਿੰਮ ਚਲਾਈ ਜਾ ਰਹੀ ਹੈ, ਜ਼ਿਲ੍ਹਾ ਮੋਗਾ ਵਿੱਚ ਸਰਕਾਰੀ ਜਾਇਦਾਦਾਂ ਦੀ ਧੋਖਾਧੜੀ ਨਾਲ ਪ੍ਰਾਪਤੀ ਅਤੇ ਜਨਤਕ ਫੰਡਾਂ ਦੀ ਦੁਰਵਰਤੋਂ ਦੇ ਸਬੰਧ ਵਿੱਚ ECIR ਦਰਜ ਕੀਤਾ ਗਿਆ ਸੀ। FIR ਨੰਬਰ 101 ਮਿਤੀ 16.06.2024 ਨੂੰ ਪੰਜਾਬ ਪੁਲਿਸ ਵੱਲੋਂ ਰਾਸ਼ਟਰੀ ਰਾਜਮਾਰਗ ਨੰਬਰ 7541 ਲਈ ਪ੍ਰਾਪਤ ਕੀਤੀ ਸਰਕਾਰੀ ਜ਼ਮੀਨ ਦੇ ਧੋਖਾਧੜੀ ਨਾਲ ਕੀਤੇ ਗਏ ਇੰਤਕਾਲ ਅਤੇ ਮੁਆਵਜ਼ੇ ਦੀ ਗਲਤ ਵੰਡ ਦੇ ਸਬੰਧ ਵਿੱਚ ਦਰਜ ਕੀਤੀ ਗਈ ਸੀ। ਜ਼ਿਕਰਯੋਗ ਹੈ ਕਿ ਪੰਜਾਬ ਲੋਕਪਾਲ ਨੇ ਡਾ. ਅਮਨਦੀਪ ਕੌਰ ਨੂੰ ਇਸ ਮਾਮਲੇ ਵਿੱਚ ਜਨਵਰੀ 2024 ਵਿੱਚ ਸੰਮਨ ਵੀ ਜਾਰੀ ਕੀਤੇ ਸਨ। ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੇ ਘਰ ਕਰੀਬ 8 ਘੰਟਿਆਂ ਤੋਂ ਜਾਰੀ 54 ਦੀ ਰੇਡ ਤੋਂ ਬਾਅਦ ਹੁਣ ਕੇਂਦਰੀ ਜਾਂਚ ਏਜੰਸੀ ਨੇ ਹਲਕਾ ਬਾਘਾਪੁਰਾਣਾ ਵਿੱਚ ਇੱਕ ਹਸਪਤਾਲ 'ਤੇ ਵੀ ਕੀਤੀ ਰੇਡ।ਸੂਤਰਾਂ ਦੇ ਹਵਾਲੇ ਨਾਲ ਮਿਲੀ ਜਾਣਕਾਰੀ ਅਨੁਸਾਰ ਇਹ ਹਸਪਤਾਲ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੇ ਪਤੀ ਡਾ. ਰਾਕੇਸ਼ ਅਰੋੜਾ ਨਾਲ ਸਬੰਧਤ ਦੱਸਿਆ ਜਾ ਰਿਹਾ ਹੈ। ਇਹ ਤਲਾਸ਼ੀ ਆਪ ਮਹਿਲਾ ਵਿੰਗ ਪੰਜਾਬ ਦੀ ਪ੍ਰਧਾਨ ਅਤੇ ਮੋਗਾ ਵਿਧਾਇਕਾ ਅਮਨਦੀਪ ਕੌਰ ਅਰੋੜਾ, ਉਨ੍ਹਾਂ ਦੇ ਪਤੀ ਡਾ. ਰਾਕੇਸ਼ ਅਰੋੜਾ, ਪਰਿਵਾਰਕ ਮੈਂਬਰ, ਸਹਿਯੋਗੀ ਅਤੇ ਹੋਰਾਂ ਨਾਲ ਸਬੰਧਤ ਥਾਂਵਾਂ ਨੂੰ ਕਵਰ ਕਰਦੀ ਹੈ, ਜਿਸ ਵਿੱਚ ਡਾ. ਰਾਕੇਸ਼ ਅਰੋੜਾ ਨਾਲ ਸਬੰਧਤ ਨਸ਼ਾ ਛੁਡਾਊ ਹਸਪਤਾਲ ਵੀ ਸ਼ਾਮਲ ਹੈ। ਉਧਰ, ਆਮ ਆਦਮੀ ਪਾਰਟੀ ਦੇ ਸਥਾਨਕ ਵਰਕਰ ਵੀ ਪਤਾ ਲੱਗਣ 'ਤੇ ਮੌਕੇ ਉਪਰ ਪਹੁੰਚ ਗਏ ਅਤੇ ਇਸ ਕਾਰਵਾਈ ਦਾ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ ਹੈ। ਵਰਕਰਾਂ ਵੱਲੋਂ ਈਡੀ ਦੀ ਰੇਡ ਦੇ ਵਿਰੋਧ ਵਿੱਚ ਨਾਅਰੇਬਾਜ਼ੀ ਕੀਤੀ ਗਈ। ਮੌਕੇ 'ਤੇ ਰੋਕਣ ਲਈ ਪੁਲਿਸ ਵੀ ਘਰ ਦੇ ਬਾਹਰ ਵੱਡੀ ਗਿਣਤੀ ਵਿੱਚ ਖੜੀ ਹੋਈ ਸੀ।


## ਡਿਪਟੀ ਕਮਿਸ਼ਨਰ ਦਫ਼ਤਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ! ਭਾਰੀ ਪੁਲਸ ਫ਼ੋਰਸ ਤਾਇਨਾਤ

**ਗੁਰਦਾਸਪੁਰ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਗੁਰਦਾਸਪੁਰ 'ਚ ਡਿਪਟੀ ਕਮਿਸ਼ਨਰ ਦਫ਼ਤਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਹੈ। ਇਹ ਧਮਕੀ ਈਮੇਲ 'ਤੇ ਦਿੱਤੀ ਗਈ, ਜਿਸ ਤੋਂ ਬਾਅਦ ਜ਼ਿਲਾ ਪ੍ਰਸ਼ਾਸਨ ਅਲਰਟ ਹੋ ਗਿਆ । ਸੂਚਨਾ ਮਿਲਣ 'ਤੇ ਐੱਸ.ਐੱਸ.ਪੀ ਆਦਿਤਿਆ ਦੇ ਆਦੇਸ਼ਾਂ 'ਤੇ ਪੁਲਸ ਟੀਮ ਡਿਪਟੀ ਕਮਿਸ਼ਨਰ ਕੰਪਲੈਕਸ ਦੇ ਹਰ ਕੋਨੇ ਦੀ ਤਲਾਸ਼ੀ ਕਰ ਰਹੀ ਹੈ। ਐੱਸ.ਐੱਸ.ਪੀ ਆਦਿਤਿਆ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਗੁਰਦਾਸਪੁਰ ਵਿੱਚ ਡਿਪਟੀ ਕਮਿਸ਼ਨਰ ਦਫ਼ਤਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਵਾਲੀ ਇੱਕ ਈਮੇਲ ਡਿਪਟੀ ਕਮਿਸ਼ਨਰ ਦਫ਼ਤਰ ਦੀ ਸਰਕਾਰੀ ਮੇਲ 'ਤੇ ਆਈ ਸੀ। ਸੂਚਨਾ ਮਿਲਣ 'ਤੇ ਵੱਖ-ਵੱਖ ਪੁਲਸ ਵਿੰਗਾਂ, ਜਿਨ੍ਹਾਂ ਵਿੱਚ ਸਾਬੋਟੇਜ ਵਿਰੋਧੀ ਵਿੰਗ, ਡੌਗ ਸਕੁਐਡ ਅਤੇ ਬੰਬ ਡਿਸਪੋਜ਼ਲ ਸਕੁਐਡ ਸ਼ਾਮਲ ਹਨ, ਨੇ ਪੂਰੇ ਕੰਪਲੈਕਸ ਨੂੰ ਖਾਲੀ ਕਰਵਾ ਲਿਆ ਅਤੇ ਪੂਰੀ ਤਰ੍ਹਾਂ ਤਲਾਸ਼ੀ ਲਈ। ਹਾਲਾਂਕਿ, ਵਿਸ਼ੇਸ਼ ਤਲਾਸ਼ੀ ਮੁਹਿੰਮ ਦੌਰਾਨ ਕੋਈ ਇਤਰਾਜ਼ਯੋਗ ਸਮੱਗਰੀ ਨਹੀਂ ਮਿਲੀ। ਐਸਐਸਪੀ ਨੇ ਕਿਹਾ ਕਿ ਪੁਲਸ ਈਮੇਲ ਦੇ ਮੂਲ ਦੀ ਜਾਂਚ ਕਰ ਰਹੀ ਹੈ।




ਬੰਬ ਦੀ ਧਮਕੀ ਤੋਂ ਬਾਅਦ ਵੱਖ-ਵੱਖ ਸੁਰੱਖਿਆ ਦਸਤਿਆਂ ਵੱਲੋਂ ਕੇਂਦਰੀ ਵਿਦਿਆਲਿਆ ਦੀ ਜਾਂਚ : ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਸਲਾਇਟ ਯੂਨੀਵਰਸਿਟੀ) ਵਿਚ ਚੱਲ ਰਹੇ ਕੇਂਦਰੀ ਵਿਦਿਆਲਿਆ ਨੂੰ ਕਥਿਤ ਤੌਰ 'ਤੇ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਦੀ ਚਰਚਾ ਤੋਂ ਬਾਅਦ ਸਕੂਲ ਅਤੇ ਪੁਲਿਸ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ ਹੋ ਗਿਆ। ਸੁਰੱਖਿਆ ਦੇ ਮੱਦੇਨਜ਼ਰ ਅੱਜ ਸਕੂਲ ਵਿਚ ਛੁੱਟੀ ਸਮੇਂ ਬੱਚਿਆਂ ਨੂੰ ਉਨ੍ਹਾਂ ਦੇ ਸਕੂਲ ਬੈਗ ਵੀ ਨਹੀਂ ਦਿੱਤੇ ਗਏ। ਜਾਣਕਾਰੀ ਅਨੁਸਾਰ ਇਸ ਤੋਂ ਬਾਅਦ ਵਿਸਫੋਟਕ ਸਮੱਗਰੀ ਦੀ ਜਾਂਚ ਕਰਨ ਵਾਲੇ ਦਸਤੇ, ਡੌਗ ਸਕੁਐਡ ਅਤੇ ਹੋਰ ਸੁਰੱਖਿਆ ਟੀਮਾਂ ਨੇ ਸਕੂਲ ਵਿੱਚ ਪਹੁੰਚ ਕੇ ਪੂਰੇ ਸਕੂਲ ਦੀ ਬਾਰੀਕੀ ਨਾਲ ਜਾਂਚ ਕੀਤੀ।ਜਿਸ ਦੌਰਾਨ ਕੋਈ ਵੀ ਵਿਸਫੋਟਕ ਸਮੱਗਰੀ ਨਾ ਮਿਲਣ ਦੀ ਖਬਰ ਹੈ। ਜ਼ਿਕਰਯੋਗ ਹੈ ਕਿ ਲੌਂਗੋਵਾਲ ਖੇਤਰ ਵਿਚ ਫੈਲੀ ਚਰਚਾ ਅਨੁਸਾਰ ਕਿਸੇ ਖਾਲਿਸਤਾਨੀ ਜਥੇਬੰਦੀ ਵੱਲੋਂ ਈ-ਮੇਲ ਰਾਹੀਂ ਸਕੂਲ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਦੀ ਗੱਲ ਸਾਹਮਣੇ ਆਈ ਸੀ।


In commemoration of the
JOTI JOT DIVAS
of
Sri Guru Gobind Singh Ji Maharaj
Saturday 14th November 2026
5.30pm Rehraas Sahib
6.00pm Sri Dasam Granth Paath Bhog - Amandeep Singh
6.30pm Aarti Aarta - Bhai Sukhwinder Singh Ji (Sukhy Baba)
7.00pm Katha in English - Bhai Maan Singh Ji
7.30pm Mool Mantar Jaap - Bibi Harninder Kaur Ji
8.30pm (to Late) Kirtan Darbar
Attending: Bebe Nanaki Jatha, Bhai Abinash Singh Ji, Bhai Hardeep Singh Ji AKJ, Bhai Jaskeerat Singh Ji, Bibi Mandeep Kaur Ji AKJ, Bhai Sukhraj Singh Ji
LOCATION
Guru Nanak Gurdwara
Smethwick, B66 3AP
Main Hall Upstairs
GURU NANAK GURDWARA
SMETHWICK
For Details Contact
Jatinder Singh Bassi
07955 555840
Amandeep Singh
07490 031010
ਆਵਾਜ਼ਿ ਕੌਮ AWAZE QAUM
International Newspaper & WEB TV











## 42 ਸਾਲ ਬਾਅਦ ਵੀ 1984 ਦੇ ਸਿੱਖ ਕਤਲੇਆਮ ਦਾ ਇਨਸਾਫ਼ ਅਧੂਰਾ

# ਸਾਜ਼ਿਸ਼ ਬੇਨਕਾਬ ਕਰਨ ਵਿੱਚ ਸਰਕਾਰਾਂ ਨਾਕਾਮ: ਸਤਨਾਮ ਸਿੰਘ ਗੰਭੀਰ

### 73 ਸ਼ਹੀਦਾਂ ਦੀ ਯਾਦ ਵਿੱਚ ਚਾਸ ਗੁਰਦੁਆਰਾ ਸਾਹਿਬ ਵਿਖੇ 'ਸੱਚ ਦੀ ਕੰਧ' ਸੰਗਤ ਨੂੰ ਸਮਰਪਿਤ, ਜਸਮੀਤ ਸਿੰਘ ਸੋਢੀ ਨੇ ਸਰਕਾਰਾਂ ਦੀ ਜਵਾਬਦੇਹੀ 'ਤੇ ਚੁੱਕੇ ਸਵਾਲ

**ਨਵੀਂ ਦਿੱਲੀ 4 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**-ਨਵੰਬਰ 1984 ਦੇ ਸਿੱਖ ਕਤਲੇਆਮ ਨੂੰ 42 ਸਾਲ ਬੀਤ ਜਾਣ ਦੇ ਬਾਵਜੂਦ ਪੀੜਤ ਪਰਿਵਾਰਾਂ ਨੂੰ ਇਨਸਾਫ਼, ਉਚਿਤ ਮੁਆਵਜ਼ੇ ਅਤੇ ਸਰਕਾਰੀ ਸਹਾਇਤਾ ਲਈ ਉਡੀਕ ਕਰਨੀ ਪੈ ਰਹੀ ਹੈ। ਇਹ ਗੱਲ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪੂਰਬੀ ਭਾਰਤ ਪ੍ਰਧਾਨ ਅਤੇ ਪੀੜਤ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਕਾਨੂੰਨੀ ਲੜਾਈ ਲੜ ਰਹੇ ਸਤਨਾਮ ਸਿੰਘ ਗੰਭੀਰ ਨੇ ਚਾਸ ਗੁਰਦੁਆਰਾ ਸਾਹਿਬ ਵਿਖੇ ਕਰਵਾਏ ਗਏ ਸ਼ਰਧਾਂਜਲੀ ਸਮਾਗਮ ਦੌਰਾਨ ਕਹੀ। ਇਸ ਮੌਕੇ 1984 ਦੇ ਕਤਲੇਆਮ ਵਿੱਚ ਮਾਰੇ ਗਏ 73 ਨਿਰਦੋਸ਼ ਸਿੱਖਾਂ ਦੇ ਨਾਵਾਂ ਨਾਲ ਤਿਆਰ ਕੀਤੀ ਗਈ 'ਸੱਚ ਦੀ ਕੰਧ' ਸੰਗਤ ਨੂੰ ਸਮਰਪਿਤ ਕੀਤੀ ਗਈ। ਗੰਭੀਰ ਨੇ ਕਿਹਾ ਕਿ 42 ਸਾਲ ਬੀਤ ਜਾਣ ਦੇ ਬਾਵਜੂਦ ਕਤਲੇਆਮ ਪਿੱਛੇ ਹੋਈ ਸਾਜ਼ਿਸ਼ ਨੂੰ ਪੂਰੀ ਤਰ੍ਹਾਂ ਬੇਨਕਾਬ ਕਰਨ ਅਤੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਦਾ ਸਵਾਲ ਅੱਜ ਵੀ ਅਧੂਰਾ ਹੈ। ਸ਼ਹੀਦਾਂ ਦੀ ਯਾਦ ਵਿੱਚ ਕੰਧ ਬਣਾਉਣਾ ਸਿਰਫ਼ ਸ਼ਰਧਾਂਜਲੀ ਨਹੀਂ, ਸਗੋਂ ਸਰਕਾਰਾਂ ਨੂੰ ਉਨ੍ਹਾਂ ਦੀ ਜਵਾਬਦੇਹੀ ਯਾਦ ਕਰਵਾਉਣ ਦਾ ਵੀ ਯਤਨ ਹੈ।

ਚਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਸਮੀਤ ਸਿੰਘ ਸੋਢੀ ਨੇ ਸਰਕਾਰਾਂ ਨੂੰ ਸਵਾਲ ਕਰਦਿਆਂ ਕਿਹਾ ਕਿ ਆਖ਼ਰ ਪੀੜਤ ਪਰਿਵਾਰਾਂ ਨੂੰ ਹੋਰ ਕਿੰਨੇ ਸਾਲ ਸਰਕਾਰੀ ਦਫ਼ਤਰਾਂ ਦੇ ਚੱਕਰ ਕੱਟਣੇ ਪੈਣਗੇ ? ਜਿਨ੍ਹਾਂ ਪਰਿਵਾਰਾਂ ਨੇ ਆਪਣੇ ਪਿਆਰਿਆਂ ਨੂੰ ਗੁਆਇਆ, ਉਨ੍ਹਾਂ ਨੂੰ ਅੱਜ ਵੀ ਇਨਸਾਫ਼ ਅਤੇ ਮੁਆਵਜ਼ੇ ਲਈ ਸੰਘਰਸ਼ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਚੋਣਾਂ ਵੇਲੇ ਵੱਡੇ-ਵੱਡੇ ਵਾਅਦੇ ਕਰਨ ਵਾਲੀਆਂ ਸਰਕਾਰਾਂ ਨੂੰ ਹੁਣ ਜਵਾਬ ਦੇਣਾ ਚਾਹੀਦਾ ਹੈ ਕਿ 42 ਸਾਲਾਂ ਵਿੱਚ ਪੀੜਤਾਂ ਦੀਆਂ ਸਮੱਸਿਆਵਾਂ ਦਾ ਸਥਾਈ ਹੱਲ ਕਿਉਂ ਨਹੀਂ ਹੋ ਸਕਿਆ। ਪੁਰਾਣੇ ਜ਼ਖ਼ਮਾਂ ਨੂੰ ਮੁੜ ਕੁਰੇਦਣ ਅਤੇ ਬਜ਼ੁਰਗ ਪੀੜਤਾਂ ਨੂੰ ਸਰਕਾਰੀ ਪ੍ਰਕਿਰਿਆਵਾਂ ਵਿੱਚ ਉਲਝਾਉਣ ਦੀ ਬਜਾਏ ਹੁਣ ਠੋਸ ਕਾਰਵਾਈ, ਪਾਰਦਰਸ਼ੀ ਮੁਆਵਜ਼ਾ ਨੀਤੀ ਅਤੇ ਸਮਾਂਬੱਧ ਫ਼ੈਸਲਾ ਲਿਆ ਜਾਣਾ ਚਾਹੀਦਾ ਹੈ। ਉਨ੍ਹਾਂ ਪ੍ਰਧਾਨ ਮੰਤਰੀ, ਝਾਰਖੰਡ ਦੇ ਮੁੱਖ ਮੰਤਰੀ, ਬੋਕਾਰੋ ਦੇ ਡਿਪਟੀ ਕਮਿਸ਼ਨਰ ਅਤੇ ਐੱਸ.ਡੀ.ਓ. ਤੱਕ ਪੀੜਤਾਂ ਦੀ ਆਵਾਜ਼ ਪਹੁੰਚਾਉਂਦਿਆਂ ਇਨਸਾਫ਼ ਦੀ ਮੰਗ ਕੀਤੀ। ਸਮਾਗਮ ਦੌਰਾਨ ਸੰਗਤ ਨੇ 73 ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਨਮਨ ਕੀਤਾ। ਮੌਕੇ ਤੇ ਹਾਜਿਰ ਬੁਲਾਰਿਆਂ ਨੇ ਕਿਹਾ ਕਿ 'ਸੱਚ ਦੀ ਕੰਧ' ਆਉਣ ਵਾਲੀਆਂ ਪੀੜ੍ਹੀਆਂ ਨੂੰ 1984 ਦੇ ਦਰਦਨਾਕ ਇਤਿਹਾਸ ਦੀ ਯਾਦ ਦਿਵਾਉਂਦੀ ਰਹੇਗੀ। ਕੌਮ ਆਪਣੇ ਸ਼ਹੀਦਾਂ ਨੂੰ ਭੁੱਲਣ ਵਾਲੀ ਨਹੀਂ ਅਤੇ ਇਨਸਾਫ਼ ਦੀ ਆਵਾਜ਼ ਵੀ ਖ਼ਾਮੋਸ਼ ਨਹੀਂ ਹੋਣ ਦਿੱਤੀ ਜਾਵੇਗੀ। ਇਸ ਮੌਕੇ ਇੰਦਰ ਸਿੰਘ ਇੰਦਰ, ਅਮਰਜੀਤ ਸਿੰਘ ਭਾਮਰਾ ਅਤੇ ਮਨਪ੍ਰੀਤ ਸਿੰਘ ਸਮੇਤ ਹੋਰ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV






ਆਵਾਜ਼ਿ ਕੌਮ AWAZE QAUM
International Newspaper & WEB TV

ਸੰਗਤ ਰੋਡ ਤਲਵੰਡੀ ਸਾਬੋ ਵਿਖੇ ਭਾਜਪਾ ਨੂੰ ਮਿਲਿਆ ਵੱਡਾ ਹੁੰਗਾਰਾ

# ਕਈ ਪਰਿਵਾਰ ਪਾਰਟੀ ਵਿੱਚ ਸ਼ਾਮਲ





**ਨਵਜੋਤ ਸਿੰਘ ਗੁਣੀ ਗਾਟਵਾਲੀ ਨੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਕੀਤਾ ਨਿੱਘਾ ਸਵਾਗਤ, ਲੋਕਾਂ ਨੇ ਨਸ਼ਾ ਮੁਕਤ ਤਲਵੰਡੀ ਸਾਬੋ ਬਣਾਉਣ ਦੀ ਰੱਖੀ ਮੰਗ**

**ਤਲਵੰਡੀ ਸਾਬੋ, 04 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਸੰਗਤ ਰੋਡ, ਤਲਵੰਡੀ ਸਾਬੋ ਵਿਖੇ ਅੱਜ ਭਾਰਤੀ ਜਨਤਾ ਪਾਰਟੀ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ ਜਦੋਂ ਕਈ ਪਰਿਵਾਰਾਂ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਅਤੇ ਭਾਜਪਾ ਪੰਜਾਬ ਦੀ ਲੀਡਰਸ਼ਿਪ ਵਿੱਚ ਵਿਸ਼ਵਾਸ ਪ੍ਰਗਟ ਕਰਦਿਆਂ ਭਾਜਪਾ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਭਾਜਪਾ ਆਗੂ ਨਵਜੋਤ ਸਿੰਘ ਗੁਣੀ ਗਾਟਵਾਲੀ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਨਵੇਂ ਸਾਥੀਆਂ ਕਿਰਨਾ ਕੌਰ, ਗੁਰਮੇਲ ਸਿੰਘ, ਮਨਜੀਤ ਕੌਰ, ਜੋਨੀ ਸਿੰਘ, ਰੇਸ਼ਮ ਕੌਰ, ਮਮਤਾ ਕੌਰ, ਪਵਨਜੀਤ ਕੌਰ, ਜਵਾਹਰ ਸਿੰਘ, ਗਾਦੀ ਕੌਰ, ਬੋਹਰਾ ਸਿੰਘ ਅਤੇ ਜੋਤੀ ਕੌਰ ਸਮੇਤ ਹੋਰਨਾਂ ਦਾ ਸਿਰੋਪਾਓ ਅਤੇ ਭਾਜਪਾ ਦੇ ਪਟਕੇ ਪਾ ਕੇ ਨਿੱਘਾ ਸਵਾਗਤ ਕੀਤਾ। ਇਸ ਦੌਰਾਨ ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਨੇ ਨਸ਼ਿਆਂ ਦੇ ਗੰਭੀਰ ਮੁੱਦੇ ਨੂੰ ਉਠਾਉਂਦਿਆਂ ਕਿਹਾ ਕਿ ਇਲਾਕੇ ਵਿੱਚ ਨਸ਼ਿਆਂ ਕਾਰਨ ਕਈ ਘਰਾਂ ਦੇ ਚਿਰਾਗ ਬੁਝ ਚੁੱਕੇ ਹਨ। ਉਨ੍ਹਾਂ ਭਾਵੁਕ ਹੁੰਦਿਆਂ ਕਿਹਾ ਕਿ ਸਾਡੇ ਘਰਾਂ ਵਿੱਚ ਇੱਕ-ਇੱਕ ਹੀ ਜਵਾਕ ਸੀ, ਜੋ ਨਸ਼ਿਆਂ ਦੀ ਭੇਟ ਚੜ੍ਹ ਗਿਆ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀਆਂ ਨੀਤੀਆਂ ਸਦਕਾ ਉਨ੍ਹਾਂ ਨੂੰ ਘਰ ਮਿਲੇ ਹਨ ਅਤੇ ਉਨ੍ਹਾਂ ਨੂੰ ਭਾਜਪਾ ਤੋਂ ਹੋਰ ਵੀ ਬਹੁਤ ਉਮੀਦਾਂ ਹਨ। ਪਰਿਵਾਰਾਂ ਨੇ ਆਸ ਪ੍ਰਗਟਾਈ ਕਿ ਭਾਜਪਾ ਹੀ ਇਲਾਕੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਠੋਸ ਕਦਮ ਚੁੱਕ ਸਕਦੀ ਹੈ। ਉਨ੍ਹਾਂ ਨਵਜੋਤ ਸਿੰਘ ਗੁਣੀ ਗਾਟਵਾਲੀ ਉੱਤੇ ਭਰੋਸਾ ਪ੍ਰਗਟ ਕਰਦਿਆਂ ਮੰਗ ਕੀਤੀ ਕਿ ਤਲਵੰਡੀ ਸਾਬੋ ਨੂੰ ਨਸ਼ਾ ਮੁਕਤ ਬਣਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣ ਤਾਂ ਜੋ ਆਉਣ ਵਾਲੀ ਪੀੜ੍ਹੀ ਨੂੰ ਨਸ਼ਿਆਂ ਦੀ ਲਾਹਨਤ ਤੋਂ ਬਚਾਇਆ ਜਾ ਸਕੇ। ਇਸ ਮੌਕੇ ਹਲਕੇ ਦੇ ਸੀਨੀਅਰ ਭਾਜਪਾ ਆਗੂ ਸੁਖਵਿੰਦਰ ਸਿੰਘ ਗੁਣੀ, ਤਲਵੰਡੀ ਸਾਬੋ ਮੰਡਲ ਪ੍ਰਧਾਨ ਦੇਵੀ ਦਿਆਲ, ਮੰਡਲ ਪ੍ਰਭਾਰੀ ਹਰਭਜਨ ਸਿੰਘ, ਜਨਰਲ ਸਕੱਤਰ ਰਾਜਿੰਦਰ ਸਿੰਘ ਅਤੇ ਨਵਜੋਤ ਸਿੰਘ ਗੁਣੀ ਦੀ ਸਮੁੱਚੀ ਟੀਮ ਹਾਜ਼ਰ ਸੀ।

# ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਖੂਨ ਦਾਨ ਕੈਂਪ ਲਗਾਇਆ ਗਿਆ



**ਤਲਵੰਡੀ ਸਾਬੋ, 04 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਐਨ.ਐਸ.ਐਸ.ਯੂਨਿਟ, ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ ਅਤੇ ਸੋਸ਼ਲ ਸਾਇੰਸਜ਼ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਸਹਾਰਾ ਕਲੱਬ ਤਲਵੰਡੀ ਸਾਬੋ ਦੇ ਸਹਿਯੋਗ ਨਾਲ ਖੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਭਾਸ਼ਾਵਾਂ ਵਿਭਾਗ ਦੇ ਮੁਖੀ ਡਾ ਸੰਦੀਪ ਰਾਣਾ ਅਤੇ ਸੋਸ਼ਲ ਸਾਇੰਸਜ਼ ਵਿਭਾਗ ਦੇ ਮੁਖੀ ਡਾ ਅਮਨਦੀਪ ਸਿੰਘ ਸੇਖੋਂ ਨੇ ਕਿਹਾ ਕਿ ਖੂਨਦਾਨ ਮਹਾਂਦਾਨ ਹੈ। ਹਰੇਕ ਸਿਹਤਮੰਦ ਵਿਅਕਤੀ ਨੂੰ ਖੂਨਦਾਨ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਐਨ.ਐਸ.ਐਸ. ਪ੍ਰੋਗਰਾਮ ਅਫਸਰ ਨੇ ਖੂਨਦਾਨ ਕੈਂਪ ਦੀ ਮਹੱਤਤਾ ਦੱਸਦੇ ਹੋਏ ਕਿਹਾ ਕਿ ਖੂਨਦਾਨ ਅਜਿਹਾ ਦਾਨ ਹੈ ਜਿਸ ਨਾਲ ਕਈ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਇਸ ਮੌਕੇ ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਸਮਾਜ ਸੇਵਾ ਅਤੇ ਮਨੁੱਖਤਾ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿਣ ਲਈ ਪ੍ਰੇਰਿਤ ਕੀਤਾ ਅਤੇ ਐਨ.ਐਸ.ਐਸ. ਯੂਨਿਟ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਕੈਂਪ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਐਨ.ਐਸ.ਐਸ. ਵਲੰਟੀਅਰਾਂ ਨੇ ਵੱਡੀ ਗਿਣਤੀ ਵਿੱਚ ਉਤਸ਼ਾਹ ਨਾਲ ਭਾਗ ਲਿਆ ਅਤੇ ਖੂਨਦਾਨ ਕੀਤਾ। ਕੈਂਪਸ ਫਾਰਮਾਸਿਸਟ ਹਰਪ੍ਰੀਤ ਸਿੰਘ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਮੈਡੀਕਲ ਟੀਮ ਵੱਲੋਂ ਖੂਨਦਾਨੀਆਂ ਦੀ ਸਿਹਤ ਜਾਂਚ ਵੀ ਕੀਤੀ ਗਈ। ਅੰਤ ਵਿੱਚ ਆਯੋਜਕਾਂ ਨੇ ਸਹਾਰਾ ਕਲੱਬ ਦੀ ਟੀਮ ਅਤੇ ਸਾਰੇ ਖੂਨਦਾਨੀਆਂ ਦਾ ਧੰਨਵਾਦ ਕੀਤਾ। ਇਸ ਕੈਂਪ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਐਨ.ਐਸ.ਐਸ. ਵਲੰਟੀਅਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਅਤੇ ਖੂਨਦਾਨ ਕੀਤਾ।

# 16 ਨਵੰਬਰ 2026 ਤੋਂ ਹੋਵੇਗੀ ਸਵੈ ਗਨਣਾ ਸ਼ੁਰੂ



ਬਠਿੰਡਾ, 04 ਨਵੰਬਰ (ਗੁਰਜੰਟ ਸਿੰਘ ਨਥੇਹਾ) ਭਾਰਤ ਸਰਕਾਰ ਵੱਲੋਂ ਕਰਵਾਈ ਜਾ ਰਹੀ ਜਨ-ਗਣਨਾ 2027 ਤਹਿਤ ਹੁਣ ਦੂਸਰੇ ਪੜਾਅ ਦੀ ਜਨ-ਗਣਨਾ ਕਰਵਾਈ ਜਾ ਰਹੀ ਹੈ। ਜੋ ਕਿ 01 ਦਸੰਬਰ 2026 ਤੋਂ ਲੈ ਕੇ 04 ਜਨਵਰੀ 2027 ਤੱਕ ਚਲੇਗੀ। ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਵੱਲੋਂ ਇਸ ਜਨ-ਗਣਨਾ ਜਾਗਰੂਕਤਾ ਪ੍ਰੋਗਰਾਮ ਨੂੰ ਹਰ ਘਰ,ਗਲੀ ਮਹੱਲੇ ਤੱਕ ਪਹੁੰਚਾਉਣ ਲਈ ਜਿਲਾ ਬਠਿੰਡਾ ਦੇ ਹਰ ਖੇਤਰ ਵਿੱਚ ਜਨ ਗਣਨਾ ਜਾਗਰੂਕਤਾ ਟੀਮਾਂ ਭੇਜੀਆਂ ਜਾ ਰਹੀਆਂ ਹਨ ਅਤੇ ਉਹਨਾਂ ਟੀਮਾਂ ਵੱਲੋਂ ਜਾਗਰੂਕਤਾ ਪ੍ਰੋਗਰਾਮ ਵੱਖ-ਵੱਖ ਸੰਸਥਾਵਾਂ ਵਿਚ ਕਰਵਾਏ ਜਾ ਰਹੇ ਹਨ, ਇਸੇ ਹੀ ਲੜੀ ਤਹਿਤ ਸੰਗਤ ਮੰਡੀ ਜਿਲਾ ਬਠਿੰਡਾ ਦੇ ਕਲੇ ਇੰਡੀਆ ਇੰਟਰਨੈਸ਼ਨਲ ਸਕੂਲ ਸੰਗਤ ਮੰਡੀ ਵਿਖੇ ਸਕੂਲ ਕੋਆਰਡੀਨੇਟਰ ਸ੍ਰੀਮਤੀ ਵਰਿੰਦਰ ਕੌਰ ਅਤੇ ਪ੍ਰਿੰਸੀਪਲ ਸ੍ਰੀਮਤੀ ਸਰਬਜੀਤ ਕੌਰ ਵੱਲੋਂ ਸਵੇਰ ਦੀ ਸਭਾ ਵਿੱਚ ਇੱਕ ਖਾਸ ਪ੍ਰੋਗਰਾਮ ਕਰਵਾਇਆ ਗਿਆ ਜਿਸ ਤਹਿਤ ਵਿਦਿਆਰਥੀਆਂ ਨੂੰ ਜਨਗਣਨਾ ਸਬੰਧੀ ਜਾਗਰੂਕ ਕਰਨ ਲਈ ਜਿਲਾ ਬਠਿੰਡਾ ਦੀ ਟੀਮ ਵਿਸ਼ੇਸ਼ ਤੌਰ 'ਤੇ ਪਹੁੰਚੀ। ਜਿਸ ਨੇ ਸਵੇਰ ਦੀ ਸਭਾ ਵਿੱਚ ਵਿਦਿਆਰਥੀਆਂ ਨੂੰ ਵਿਸਥਾਰ ਸਹਿਤ ਜਨ-ਗਨਣਾ ਸਬੰਧੀ ਜਾਣਕਾਰੀ ਦਿੱਤੀ। ਇਸ ਟੀਮ ਦੇ ਜ਼ਿਲ੍ਹਾ ਮੁਖੀ ਸ੍ਰੀ ਹਰਵਿੰਦਰ ਸਿੰਘ, ਜ਼ਿਲ੍ਹਾ ਮਾਸਟਰ ਟਰੇਨਰ ਸ੍ਰੀ ਮੁਕੇਸ਼ ਕੁਮਾਰ ਵੱਲੋਂ ਵਿਸ਼ੇਸ਼ ਤੌਰ ਤੇ ਟ੍ਰੇਨਿੰਗ ਦਿੱਤੀ ਗਈ ਹੈ। ਇਹ ਟੀਮ ਸੰਗਤ ਮੰਡੀ ਦੇ ਵੱਖ-ਵੱਖ ਸੰਸਥਾਵਾਂ ਵਿੱਚ ਜਾ ਕੇ ਜਨ-ਗਨਣਾ ਸਬੰਧੀ ਖੇਤਰ ਦੇ ਹਰ ਇੱਕ ਸ਼ਖਸ ਨੂੰ ਜਾਗਰੂਕ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਇਹ ਟੀਮ ਵੱਖ ਵੱਖ ਅਨਾਜ ਮੰਡੀਆਂ, ਵਿਦਿਅਕ ਸੰਸਥਾਵਾਂ, ਰੇਲਵੇ ਸਟੇਸ਼ਨ ਅਤੇ ਜਨਤਕ ਥਾਵਾਂ ਤੇ ਜਾ ਕੇ ਆਮ ਜਨਤਾ ਨੂੰ ਜਾਗਰੂਕ ਕਰ ਰਹੀ ਹੈ। ਇਸ ਟੀਮ ਵੱਲੋਂ ਕਲੇ ਇੰਡੀਆ ਇੰਟਰਨੈਸ਼ਨਲ ਸਕੂਲ ਸੰਗਤ ਮੰਡੀ ਵਿਖੇ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੂੰ ਜਾਗਰੂਕ ਕਰਦੇ ਹੋਏ ਦੱਸਿਆ ਕਿ 16 ਨਵੰਬਰ ਤੋਂ 30 ਨਵੰਬਰ 2026 ਤੱਕ ਜਿਲਾ ਬਠਿੰਡੇ ਦੇ ਹਰ ਆਮ ਨਾਗਰਿਕ ਨੂੰ ਆਪਣੀ ਸਵੈ ਗੰਨਣਾ ਆਨਲਾਈਨ ਕਰਨ ਦਾ ਮੌਕਾ ਦਿੱਤਾ ਜਾ ਰਿਹਾ ਹੈ। ਟੀਮ ਮੈਂਬਰ ਸ਼੍ਰੀ ਮੋਤੀ ਰਾਮ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ 16 ਨਵੰਬਰ ਤੋਂ 30 ਨਵੰਬਰ 2026 ਤੱਕ ਆਨਲਾਈਨ ਜਨਗਣਨਾ ਕਰਵਾਈ ਜਾ ਰਹੀ ਹੈ ਅਤੇ 01 ਦਸੰਬਰ 2026 ਤੋਂ ਲੈ ਕੇ 04 ਜਨਵਰੀ 2027 ਤੱਕ ਕਰਵਾਈ ਜਾ ਰਹੀ ਹੈ। ਇਸ ਤੋਂ ਬਾਅਦ ਬੇਘਰੇ ਲੋਕ ਉਹਨਾਂ ਦੀ ਗਨਣਾ 5 ਜਨਵਰੀ ਨੂੰ ਸ਼ਾਮ 6 ਵਜੇ ਤੋਂ ਲੈ ਕੇ ਰਾਤ 12 ਵਜੇ ਤੱਕ ਕੀਤੀ ਜਾਵੇਗੀ। ਜਾਗਰੂਕਤਾ ਟੀਮ ਦੇ ਮੈਂਬਰ ਸ਼੍ਰੀ ਮੁਕੇਸ਼ ਕੁਮਾਰ ਨੇ ਦੱਸਿਆ ਕਿ ਖੇਤਰ ਵਿੱਚ ਆਮ ਪਬਲਿਕ ਨੂੰ ਉਹਨਾਂ ਦੇ ਮੋਬਾਈਲ ਫੋਨਾਂ ਉੱਪਰ ਜਨ-ਗਣਨਾ ਕਰਨ ਵਾਸਤੇ ਜਾਣਕਾਰੀ ਅਤੇ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਪ੍ਰੋਗਰਾਮ ਦੇ ਅਖੀਰ ਵਿੱਚ ਸਕੂਲ ਕੋਆਰਡੀਨੇਟਰ ਸ਼੍ਰੀਮਤੀ ਵਰਿੰਦਰ ਕੌਰ, ਪ੍ਰਿੰਸੀਪਲ ਸਰਬਜੀਤ ਕੌਰ ਵੱਲੋਂ ਡਿਪਟੀ ਕਮਿਸ਼ਨਰ ਬਠਿੰਡਾ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਕਿਉਂਕਿ ਉਹਨਾਂ ਨੇ ਇਹ ਜਾਗਰੂਕਤਾ ਟੀਮ ਭੇਜ ਕੇ ਸਕੂਲ ਦੇ ਵਿਦਿਆਰਥੀਆਂ ਨੂੰ ਬਹੁਤ ਵਧੀਆ ਜਾਣਕਾਰੀ ਦਿੱਤੀ ਗਈ ਹੈ ਅਤੇ ਉਹਨਾਂ ਨੇ ਭਰੋਸਾ ਦਵਾਇਆ ਕਿ ਵਿਦਿਆਰਥੀਆਂ ਵੱਲੋਂ ਆਪਣੇ ਪਰਿਵਾਰਾਂ ਦੀ ਵੱਧ ਤੋਂ ਵੱਧ ਸੈਲਫ ਇਮੂਰੇਸ਼ਨ ਕਰਨ ਲਈ ਵੱਧ ਤੋਂ ਵੱਧ ਪ੍ਰੈਕਟਿਸ ਕਰਵਾਈ ਜਾਵੇਗੀ ਅਤੇ ਉਨਾਂ ਦੀਆਂ ਵੱਖ ਵੱਖ ਟੀਮਾਂ ਬਣਾ ਕੇ ਜਨ ਗਣਨਾ 2027 ਸਬੰਧੀ ਪ੍ਰਸ਼ਨ ਉੱਤਰ ਸਬੰਧੀ ਮੁਕਾਬਲੇ ਕਰਵਾਏ ਜਾਣਗੇ। ਇਸ ਸਮੇਂ ਸਕੂਲ ਸਟਾਫ ਤੋਂ ਇਲਾਵਾ ਇਸ ਪ੍ਰੋਗਰਾਮ ਵਿੱਚ ਲਗਭਗ 650 ਵਿਦਿਆਰਥੀਆਂ ਨੇ ਭਾਗ ਲਿਆ।

# ਏਸ਼ੀਅਨ ਫੈਂਸਿੰਗ ਚੈਂਪੀਅਨਸ਼ਿਪ ਵਿੱਚ ਜੀ.ਕੇ.ਯੂ. ਦੀ ਤਲਵਾਰਬਾਜ਼ ਵੈਦਿਕਾ ਕੌਸ਼ਿਕ ਨੇ ਜਿੱਤਿਆ ਕਾਂਸੇ ਦਾ ਤਗਮਾ




**ਤਲਵੰਡੀ ਸਾਬੋ, 04 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਬਹਿਰੀਨ ਫੈਂਸਿੰਗ ਐਸੋਸੀਏਸ਼ਨ ਵੱਲੋਂ ਬਹਿਰੀਨ, ਵਿਖੇ ਆਯੋਜਿਤ ਏਸ਼ੀਅਨ ਫੈਂਸਿੰਗ ਚੈਂਪੀਅਨਸ਼ਿਪ-2026 ("-23) ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਦੀ ਤਲਵਾਰਬਾਜ਼ ਵੈਦਿਕਾ ਕੌਸ਼ਿਕ ਨੇ ਟੀਮ ਇਵੈਂਟ ਵਿੱਚ ਕਾਂਸੇ ਦਾ ਤਗਮਾ ਜਿੱਤਿਆ। ਆਪਣੇ ਵਧਾਈ ਸੰਦੇਸ਼ ਵਿੱਚ ਚਾਂਸਲਰ ਗੁਰਲਾਭ ਸਿੰਘ ਸਿੱਧੂ ਨੇ ਕਿਹਾ ਕਿ ਕੌਸ਼ਿਕ ਦੇ ਸ਼ਾਨਦਾਰ ਪ੍ਰਦਰਸ਼ਨ, ਸਮਰਪਣ ਅਤੇ ਸਖ਼ਤ ਮਿਹਨਤ ਨੇ ਗੁਰੂ ਕਾਸ਼ੀ ਯੂਨੀਵਰਸਿਟੀ, ਇਲਾਕੇ ਅਤੇ ਦੇਸ਼ ਦਾ ਮਾਣ ਵਧਾਇਆ ਹੈ। ਉਹਨਾਂ ਕਿਹਾ ਕਿ ਖਿਡਾਰਣ ਦੀ ਇਸ ਪ੍ਰਾਪਤੀ ਤੇ ਯੂਨੀਵਰਸਿਟੀ ਨੂੰ ਮਾਣ ਹੈ ਤੇ ਉਮੀਦ ਜ਼ਾਹਿਰ ਕੀਤੀ ਕਿ ਉਹ ਭਵਿੱਖ ਵਿੱਚ ਉਲਪਿੰਕ ਅਤੇ ਅੰਤਰ-ਰਾਸ਼ਟਰੀ ਪੱਧਰ ਤੇ ਦੇਸ਼ ਦਾ ਨਾਮ ਰੌਸ਼ਨ ਕਰੇਗੀ। ਉਹਨਾਂ ਖਿਡਾਰਣ ਨੂੰ ਉਜਵੱਲ ਭਵਿੱਖ ਦੀਆਂ ਸ਼ੁੱਭ-ਕਾਮਨਾਵਾਂ ਭੇਂਟ ਕੀਤੀਆਂ। ਵਰਸਿਟੀ ਦੇ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਨੇ ਖਿਡਾਰਣ ਦੀ ਇਸ ਸ਼ਾਨਾਮੱਤੀ ਪ੍ਰਾਪਤੀ ਨੂੰ ਖੇਡਾਂ ਵਿੱਚ ਲੜਕੀਆਂ ਦਾ ਸੁਨਹਿਰਾ ਭਵਿੱਖ ਦੱਸਿਆ। ਉਹਨਾਂ ਵਰਸਿਟੀ ਪ੍ਰਬੰਧਕਾਂ, ਡਾਇਰੈਕਟਰ ਖੇਡਾਂ, ਕੋਚ ਅਮਨਦੀਪ ਕੌਰ ਅਤੇ ਅਧਿਕਾਰੀਆਂ ਦੇ ਸਹਿਯੋਗ ਅਤੇ ਮਿਹਨਤ ਦੀ ਸ਼ਲਾਘਾ ਕੀਤੀ। ਉਹਨਾਂ ਦੱਸਿਆ ਕਿ ਵਰਸਿਟੀ ਖਿਡਾਰੀਆਂ ਦੇ ਖੇਡ ਪੱਧਰ ਨੂੰ ਉੱਚਾ ਚੁੱਕਣ ਲਈ ਹਰ ਸੰਭਵ ਯਤਨ ਕਰ ਰਹੀ ਹੈ। ਖੇਡ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਡਾਇਰੈਕਟਰ ਖੇਡਾਂ ਡਾ. ਬਲਵਿੰਦਰ ਕੁਮਾਰ ਸ਼ਰਮਾ ਨੇ ਦੱਸਿਆ ਕਿ ਚੈਂਪੀਅਨਸ਼ਿਪ ਵਿੱਚ ਏਸ਼ੀਆ ਦੇ 15 ਦੇਸ਼ਾਂ ਦੇ 188 ਖਿਡਾਰੀਆਂ ਨੇ ਹਿੱਸਾ ਲਿਆ। ਬੀ.ਏ.ਐੱਲ.ਐੱਲ.ਬੀ. ਚੌਥੇ ਸਾਲ ਦੀ ਵਿਦਿਆਰਥਣ ਵੈਦਿਕਾ ਦੀ ਟੀਮ ਦਾ ਮੁਕਾਬਲਾ ਸੈਮੀ-ਫਾਈਨਲ ਵਿੱਚ ਕਜ਼ਾਖਸਤਾਨ ਦੀ ਟੀਮ ਨਾਲ ਹੋਇਆ। ਜਿਸ ਵਿੱਚ ਉਨ੍ਹਾਂ ਦੀ ਟੀਮ ਨੇ ਕਾਂਸੇ ਦਾ ਤਗਮਾ ਜਿੱਤਕੇ ਭਾਰਤ ਦਾ ਨਾਂ ਰੌਸ਼ਨ ਕੀਤਾ।

### ਰਾਹੁਲ ਗਾਂਧੀ ਦੀ ਇਨਸਾਫ਼ ਰੈਲੀ ਵਿੱਚ

# ਸੀਨੀਅਰ ਕਾਂਗਰਸੀ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਸਾਥੀਆਂ ਸਮੇਤ ਹੋਏ ਸ਼ਾਮਲ



**ਤਲਵੰਡੀ ਸਾਬੋ, 04 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਕਾਂਗਰਸ ਪਾਰਟੀ ਵੱਲੋਂ ਸੰਗਰੂਰ ਵਿਖੇ ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਦੀ ਅਗਵਾਈ ਹੇਠ ਕੀਤੀ ਗਈ ਇਨਸਾਫ਼ ਰੈਲੀ ਵਿੱਚ ਤਲਵੰਡੀ ਸਾਬੋ ਹਲਕੇ ਤੋਂ ਸੀਨੀਅਰ ਕਾਂਗਰਸੀ ਆਗੂ ਕ੍ਰਿਸ਼ਨ ਸਿੰਘ ਭਾਗੀਵਾਂਦਰ ਆਪਣੇ ਸਾਥੀਆਂ ਅਤੇ ਸਮਰਥਕਾਂ ਸਮੇਤ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਉਨ੍ਹਾਂ ਦੇ ਨਾਲ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਵੀ ਮੌਜੂਦ ਸਨ। ਰੈਲੀ ਵਿੱਚ ਸ਼ਮੂਲੀਅਤ ਕਰਦਿਆਂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਹੱਕਾਂ, ਇਨਸਾਫ਼ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਰਾਖੀ ਲਈ ਆਵਾਜ਼ ਬੁਲੰਦ ਕਰਦੀ ਰਹੀ ਹੈ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਦੀ ਅਗਵਾਈ ਹੇਠ ਪਾਰਟੀ ਵੱਲੋਂ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਉਠਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੰਗਰੂਰ ਦੀ ਇਨਸਾਫ਼ ਰੈਲੀ ਵਿੱਚ ਪੰਜਾਬ ਭਰ ਤੋਂ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਰੈਲੀ ਵਿੱਚ ਪਹੁੰਚੇ ਆਪਣੇ ਸਾਥੀਆਂ ਅਤੇ ਵਰਕਰਾਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੇਅੰਤ ਸਿੰਘ ਸਾਬਕਾ ਚੇਅਰਮੈਨ, ਜਗਤਾਰ ਸਿੰਘ ਮੈਨੂੰਆਣਾ ਸਾਬਕਾ ਚੇਅਰਮੈਨ, ਦਿਲਪ੍ਰੀਤ ਸਿੰਘ ਸਾਬਕਾ ਬਲਾਕ ਪ੍ਰਧਾਨ, ਬਲਵਿੰਦਰ ਸਿੰਘ ਸੀਂਗੋ ਪ੍ਰਧਾਨ ਕਿਸਾਨ ਸੈੱਲ ਬਲਾਕ ਤਲਵੰਡੀ ਸਾਬੋ, ਇਕਬਾਲ ਸਿੰਘ ਸੇਖੂ ਪ੍ਰਧਾਨ ਕਿਸਾਨ ਸੈੱਲ ਬਲਾਕ ਰਾਮਾ ਮੰਡੀ, ਜ਼ਿਲ੍ਹਾ ਉਪ ਪ੍ਰਧਾਨ ਰਣਬੀਰ ਸਿੰਘ ਸ਼ੇਖਪੁਰਾ, ਜਿਲਾ ਜਨਰਲ ਸੈਕਟਰੀ ਮੇਜਰ ਸਿੰਘ ਜਗ੍ਹਾ ਰਾਮ ਤੀਰਥ ਆਦਿ ਹਾਜ਼ਰ ਸਨ।

### ਕਾਂਗਰਸ ਪਾਰਟੀ ਦੀ ਸੰਗਰੂਰ 'ਚ ਹੋਈ ਰੈਲੀ 'ਚ ਸ਼ਾਮਲ ਹੋਣ ਲਈ ਜੰਡਿਆਲਾ ਗੁਰੂ ਤੋਂ

# ਸਾਬਕਾ ਵਿਧਾਇਕ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਦੀ ਅਗਵਾਈ ਹੇਠ ਕਾਫਲਾ ਹੋਇਆ ਰਵਾਨਾ-ਅਵਤਾਰ ਸਿੰਘ ਟੱਕਰ



**ਜੰਡਿਆਲਾ ਗੁਰੂ, 4 ਨਵੰਬਰ (ਕੁਲਵੰਤ ਸਿੰਘ ਵਿਰਦੀ)**-ਅੱਜ ਕਾਂਗਰਸ ਪਾਰਟੀ ਦੀ ਸੰਗਰੂਰ ਵਿਖੇ ਹੋਣ ਵਾਲੀ ਰੈਲੀ ਚ ਸ਼ਾਮਲ ਹੋਣ ਲਈ ਕਾਂਗਰਸ ਦੇ ਸੀਨੀਅਰ ਆਗੂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਕਾਰਜਕਾਰੀ ਪ੍ਰਧਾਨ ਅਤੇ ਸਾਬਕਾ ਵਿਧਾਇਕ ਸਰਦਾਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਦੀ ਅਗਵਾਈ ਹੇਠ ਵੱਡਾ ਕਾਫਲਾ ਜੰਡਿਆਲਾ ਗੁਰੂ ਤੋਂ ਰਵਾਨਾ ਹੋਇਆ ਇਸ ਮੌਕੇ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਕਿਹਾ ਕਿ ਪੰਜਾਬ ਵਾਸੀਆਂ ਦੇ ਬੇਹੱਦ ਗੰਭੀਰ ਮੁਦਿਆਂ ਨਾਲ ਸਬੰਧਤ ਅਤੇ ਪੰਜਾਬ ਦੀ ਨੌਜਵਾਨੀ ਨੂੰ ਨਸ਼ੇ ਦੀ ਦਲਦਲ ਵਿੱਚੋਂ ਬਚਾਉਣਾ ਕਾਂਗਰਸ ਪਾਰਟੀ ਦਾ ਮੁੱਖ ਟੀਚਾ ਹੈ ਅਤੇ ਅੱਜ ਦੀ ਰੈਲੀ ਵਿੱਚ ਮੁੱਖ ਤੌਰ ਤੇ ਸ੍ਰੀ ਰਾਹੁਲ ਗਾਂਧੀ ਅਤੇ ਕਾਂਗਰਸ ਪਾਰਟੀ ਦੀ ਹਾਈਕਮਾਂਡ ਪਹੁੰਚ ਰਹੀ ਹੈ ਇਸ ਮੌਕੇ ਕਸ਼ਮੀਰ ਸਿੰਘ ਜਾਣੀਆਂ ਸਾਬਕਾ ਚੇਅਰਮੈਨ ,ਹਰਜੀਤ ਸਿੰਘ ਬੰਡਾਲਾ, ਜਗਜੀਤ ਸਿੰਘ ਜੋਗੀ, ਸੁਰਿੰਦਰ ਸਿੰਘ ਸਾਹ, ਸੁਰਿੰਦਰ ਸਿੰਘ ਰੰਧਾਵਾ ਮਾਨਾਂਵਾਲਾ, ਜੋਗਾ ਸਿੰਘ ਅਮਰਕੋਟ, ਜਸਮੇਲ ਸਿੰਘ ਖਲਹੈਰਾ, ਅਵਤਾਰ ਸਿੰਘ ਟੱਕਰ ਜਾਣੀਆ, ਜਸਵਿੰਦਰ ਸਿੰਘ ਝੰਡ ,ਕਸ਼ਮੀਰ ਸਿੰਘ ਮਹਿਤਾ, ਜਗਬੀਰ ਸਿੰਘ ਜੋਧਾਨਗਰੀ, ਰਾਜਬੀਰ ਸਿੰਘ ਵਡਾਲੀ, ਸੋਨੂੰ ਧੀਰੇਕੋਟ, ਪਰਮਜੀਤ ਸਿੰਘ ਨੰਗਲ ਗੁਰੂ, ਹਰਪ੍ਰੀਤ ਸਿੰਘ ਖੇਲਾ ,ਸਤਨਾਮ ਸਿੰਘ ਮੇਹਰਬਾਨ ਪੁਰ ,ਤਰਸੇਮ ਸਿੰਘ ਜਾਣੀਆਂ, ਜਸਪਾਲ ਸਿੰਘ, ਕੁਲਦੀਪ ਸਿੰਘ ਬਾਠ ,ਰਣਜੀਤ ਸਿੰਘ ਜੰਡ ,ਲਖਵਿੰਦਰ ਸਿੰਘ ਬੰਡਾਲਾ ,ਜਰਮਨ ਸਿੰਘ ਗਦਲੀ ਆਦਿ ਹਾਜ਼ਰ ਸਨ!

# ਪਰਮਿੰਦਰ ਸਿੰਘ ਪਾਗਲੀ ਬਣੇ ਵਾਰਿਸ ਪੰਜਾਬ ਕੈਨੇਡਾ ਈਸਟ ਦੇ ਪ੍ਰਧਾਨ, ਵੱਖ-ਵੱਖ ਗੁਰਦੁਆਰਾ ਸਾਹਿਬਾਨ ਤੇ ਸਿੱਖ ਸੰਸਥਾਵਾਂ ਦੇ ਆਗੂਆਂ ਵੱਲੋਂ ਭਰਵਾਂ ਸਵਾਗਤ

ਨਵੀਂ ਦਿੱਲੀ 4 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਪਰਮਿੰਦਰ ਸਿੰਘ ਪਾਗਲੀ ਨੂੰ ਵਾਰਿਸ ਪੰਜਾਬ ਕੈਨੇਡਾ ਈਸਟ ਦਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਕਿਊਬਿਕ ਦੇ ਸਿੱਖ ਭਾਈਚਾਰੇ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਨਿਯੁਕਤੀ ਦਾ ਸਵਾਗਤ ਕਰਦਿਆਂ ਵੱਖ-ਵੱਖ ਗੁਰਦੁਆਰਾ ਸਾਹਿਬਾਨਾਂ, ਸਿੱਖ ਜਥੇਬੰਦੀਆਂ ਅਤੇ ਸਮਾਜਿਕ ਸੰਸਥਾਵਾਂ ਦੇ ਪ੍ਰਮੁੱਖ ਆਗੂਆਂ ਵੱਲੋਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ ਗਈ। ਵਧਾਈ ਦੇਣ ਵਾਲਿਆਂ ਵਿੱਚ ਗੁਰਦੁਆਰਾ ਗੁਰੂ ਨਾਨਕ ਦਰਬਾਰ ਲਸਾਲ ਦੇ ਪ੍ਰਧਾਨ ਸੁਰਜੀਤ ਸਿੰਘ ਭਾਊ, ਗੁਰੂ ਪਾਰਕ ਦੇ ਪ੍ਰਧਾਨ ਜਸਵਿੰਦਰ ਸਿੰਘ, ਹਡਸਨ ਦੇ ਪ੍ਰਧਾਨ ਜਤਿੰਦਰ ਸਿੰਘ ਮੁਲਤਾਨੀ, ਕਿਊਬਿਕ ਸਿੱਖ ਕੌਂਸਲ ਦੇ ਪ੍ਰਧਾਨ ਜਥੇਦਾਰ ਸੰਤੋਖ ਸਿੰਘ ਖੇਲਾ, ਸਾਨੇ ਪੰਜਾਬ ਦੇ ਪ੍ਰਧਾਨ ਨਰਿੰਦਰ ਸਿੰਘ ਮਿਨਹਾਸ, ਗੁਰਦੁਆਰਾ ਸਾਹਿਬ ਦੇ ਖਜ਼ਾਨਚੀ ਬਲਰਾਜ ਸਿੰਘ ਕੈਰੋ, ਡੀਡੀਓ ਗੁਰਦੁਆਰਾ ਸਾਹਿਬ ਤੋਂ ਸੁਰਿੰਦਰ ਸਿੰਘ ਸਰੋਆ ਅਤੇ ਨੈਨਸਟਾਪ ਟਰੱਕਿੰਗ ਦੇ ਸਰਬਜੀਤ ਸਿੰਘ ਮਿਨਹਾਸ ਸ਼ਾਮਲ ਹਨ। ਇਸ ਮੌਕੇ ਸਮੂਹ ਆਗੂਆਂ ਨੇ ਆਸ ਪ੍ਰਗਟਾਈ ਕਿ ਪਰਮਿੰਦਰ ਸਿੰਘ ਪਾਗਲੀ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਅਤੇ ਸੇਵਾ ਭਾਵਨਾ ਨਾਲ ਨਿਭਾਉਂਦਿਆਂ ਸਿੱਖ ਭਾਈਚਾਰੇ ਦੀ ਆਵਾਜ਼ ਨੂੰ ਹੋਰ ਮਜ਼ਬੂਤ ਕਰਨਗੇ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਆਉਣ ਵਾਲੇ ਸਮੇਂ ਵਿੱਚ ਪਰਮਿੰਦਰ ਸਿੰਘ ਪਾਗਲੀ ਨੂੰ ਹਰ ਪੱਖੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ।



# ਮੁੱਖ ਸਕੱਤਰ ਉਚ ਅਦਾਲਤ ਨੂੰ ਦੱਸਣ ਕਿ ਸਰਕਾਰ ਦੀ ਰਾਜਨੀਤਿਕ ਇੱਛਾ ਸ਼ਕਤੀ ਦੀ ਘਾਟ ਕਾਰਨ ਉਹ ਬਲੀ ਦਾ ਬੱਕਰਾ ਬਣ ਰਹੇ ਹਨ- ਗਿਆਨੀ ਹਰਪ੍ਰੀਤ ਸਿੰਘ

**ਚੰਡੀਗੜ੍ਹ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸੂਬੇ ਵਾਸਤੇ ਇਹ ਬੜੀ ਹੀ ਨਮੋਸ਼ੀ ਭਰੀ ਸਥਿੱਤੀ ਹੈ ਕਿ ਉਚ ਅਦਾਲਤ ਵੱਲੋਂ ਰਾਜ ਦੇ ਪ੍ਰਸ਼ਾਸਕੀ ਮੁਖੀ ਖਿਲਾਫ ਨਿਤ ਦਿਹਾੜੇ ਸਖਤ ਟਿਪਣੀਆਂ, ਜੁਰਮਾਨਾ 'ਤੇ ਹੁਣ ਬਾਕਾਇਦਾ ਮਾਨਹਾਨੀ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਰਹੀ ਹੈ ਪਰ ਸੂਬਾ ਸਰਕਾਰ ਮੂਕ ਦਰਸ਼ਕ ਬਣ ਕੇ ਸਿਰਫ ਤਮਾਸ਼ਾ ਵੇਖ ਰਹੀ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਕੀਤਾ। ਉਹਨਾਂ ਕਿਹਾ ਕਿ ਅਦਾਲਤ ਮੂਹਰੇ ਨਿੰਮੋਝੂਣਾ ਬਣ ਕੇ ਮੁੱਖ ਸਕੱਤਰ ਰਿਪੋਰਟ ਰੱਖ ਰਿਹਾ ਹੈ ਕਿ ਮੁਲਾਜ਼ਮਾਂ ਦਾ ਕੁਲ ਬਕਾਇਆ 32418 ਕਰੋੜ ਬਣਦਾ ਹੈ ਜਿਸਦੇ ਭੁਗਤਾਨ ਨਾਲ ਸੂਬੇ ਦਾ ਵਿਤੀ ਬੋਝ ਬਹੁਤ ਵੱਧ ਜਾਵੇਗਾ। ਮੁੱਖ ਸਕੱਤਰ ਅਦਾਲਤ ਨੂੰ ਇਹ ਕਿਉਂ ਨਹੀਂ ਦੱਸਦੇ ਕਿ ਵੋਟ ਬਟੋਰੂ ਸਹੂਲਤਾਂ ਅਤੇ ਉਹਨਾਂ ਦੀ ਇਸ਼ਿਤਹਾਰ ਬਾਜੀ ਨਾਲ ਸੂਬੇ ਦਾ ਵਿਤੀ ਬੋਝ ਕਿੰਨਾ ਵਧਿਆ ਹੈ? ਇਹ ਬਕਾਇਆ ਰਾਸ਼ੀ ਮੁਲਾਜ਼ਮਾਂ ਦਾ ਹੱਕ ਅਤੇ ਉਹਨਾਂ ਦੀ ਮਿਹਨਤ ਦਾ ਮੁੱਲ ਹੈ ਜਿਸਨੂੰ ਅਦਾ ਕਰਨਾ ਸਰਕਾਰ ਦੀ ਜਿੰਮੇਵਾਰੀ ਹੈ। ਮੁੱਖ ਸਕੱਤਰ ਨੂੰ ਇਹ ਵੀ ਦੱਸਣਾ ਚਾਹੀਦਾ ਹੈ ਕਿ ਇਹ ਬਕਾਇਆ ਨਾਲ ਦੀ ਨਾਲ ਦੇਣ ਦੀ ਬਜਾਏ ਏਨਾ ਵਧਣ ਕਿਉਂ ਦਿੱਤਾ ਗਿਆ। ਸਰਕਾਰਾਂ ਵਿੱਚ ਇਹ ਕਿਸ ਦੀ ਨਲਾਇਕੀ ਸੀ ਜਿਸਨੇ ਮੁਲਾਜਮਾਂ ਦਾ ਹੱਕ ਮਾਰਕੇ ਇਸ ਪੈਸੇ ਨੂੰ ਹੋਰਨਾਂ ਥਾਵਾਂ 'ਤੇ ਵਰਤਿਆ। ਗਿਆਨੀ ਹਰਪ੍ਰੀਤ ਸਿੰਘ ਨੇ ਬਿਆਨ ਦੇ ਅਖੀਰ ਵਿੱਚ ਕਿਹਾ ਕਿ ਮੁਲਾਜ਼ਮਾਂ ਦਾ ਬਕਾਇਆ ਦੇਣ ਦੀ ਬਜਾਏ ਸਰਕਾਰ ਨੇ, ਜਿਸ ਅਧਿਕਾਰੀ ਦੁਆਰਾ ਰਾਜ ਦਾ ਪ੍ਰਸ਼ਾਸਕੀ ਕੰਮਕਾਰ ਠੀਕ ਢੰਗ ਨਾਲ ਚਲਾਉਣ ਦੀ ਜਿੰਮੇਵਾਰੀ ਨਿਭਾਉਣੀ ਹੈ, ਉਸਨੂੰ ਅਦਾਲਤ ਦੇ ਰਹਿਮੋ ਕਰਮ 'ਤੇ ਛੱਡ ਰੱਖਿਆ ਹੈ। ਇਸਤੋਂ ਪਤਾ ਲਗਦਾ ਹੈ ਕਿ ਸਰਕਾਰ ਆਪਣੇ ਗੁਨਾਹਾਂ ਦਾ ਭਾਰ ਆਪਣੇ ਅਧਿਕਾਰੀਆਂ 'ਤੇ ਪਾ ਕੇ ਸੁਰਖਰੂ ਮਹਿਸੂਸ ਕਰ ਰਹੀ ਹੈ, ਪਰ ਇਸਦਾ ਖਮਿਆਜਾ ਭੁਗਤਣਾ ਹੀ ਪਵੇਗਾ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।



# ਸੰਗਰੂਰ ਰੈਲੀ ਚ ਸ਼ਾਮਿਲ ਹੋਏ ਹਲਕਾ ਮੌੜ ਦੇ ਕਾਂਗਰਸੀਆਂ ਦਾ ਜੀਤਮਹਿੰਦਰ ਸਿੰਘ ਸਿੱਧੂ ਨੇ ਕੀਤਾ ਧੰਨਵਾਦ





**ਤਲਵੰਡੀ ਸਾਬੋ/ਮੌੜ ਮੰਡੀ 04 ਨਵੰਬਰ (ਗੁਰਜੰਟ ਸਿੰਘ ਨਥੇਹਾ)**-ਕਾਂਗਰਸ ਪਾਰਟੀ ਵੱਲੋਂ ਕੁਲ ਹਿੰਦ ਕਾਂਗਰਸ ਕਮੇਟੀ ਦੇ ਸੀਨੀਅਰ ਆਗੂ ਤੇ ਪੰਜਾਬ ਵਿਧਾਨ ਸਭਾ ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ ਅਗਵਾਈ ਹੇਠ ਸੰਗਰੂਰ ਵਿਖੇ ਰੱਖੀ 'ਇਨਸਾਫ ਰੈਲੀ' ਚ ਹਲਕਾ ਮੌੜ ਤੋਂ ਸੈਂਕੜਿਆਂ ਦੀ ਗਿਣਤੀ ਚ ਸ਼ਾਮਿਲ ਹੋਏ ਕਾਂਗਰਸੀ ਵਰਕਰਾਂ ਦਾ ਹਲਕੇ ਅੰਦਰ ਕਾਂਗਰਸ ਦੀ ਅਗਵਾਈ ਕਰ ਰਹੇ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਧੰਨਵਾਦ ਕੀਤਾ ਹੈ। ਪ੍ਰੈੱਸ ਬਿਆਨ ਰਾਹੀਂ ਜੀਤਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਅੱਜ ਜਦੋਂ ਆਮ ਆਦਮੀ ਪਾਰਟੀ ਸਰਕਾਰ ਦੇ ਕਾਰਜਕਾਲ ਦੇ ਆਖਿਰੀ ਪਲਾਂ ਚ ਸੂਬੇ ਦੀ ਅਵਾਮ ਨੂੰ ਇਹ ਲੱਗ ਰਿਹੈ ਕਿ 'ਆਪ' ਸਰਕਾਰ ਦੀਆਂ ਗਲਤ ਨੀਤੀਆਂ ਕਰਕੇ ਸੂਬਾ ਰੰਗਲਾ ਬਨਣ ਦੀ ਥਾਂ ਬਹੁਤ ਪਿੱਛੇ ਚਲਾ ਗਿਐ ਤਾਂ ਉਨਾਂ ਨੂੰ ਮਹਿਸੂਸ ਹੋਇਆ ਕਿ ਪੰਜਾਬ ਨੂੰ ਫਿਰ ਖੁਸ਼ਹਾਲੀ ਦੇ ਰਾਹ ਵੱਲ ਕਾਂਗਰਸ ਪਾਰਟੀ ਹੀ ਲੈਜਾ ਸਕਦੀ ਹੈ ਤੇ ਇਸੇ ਲਈ ਉਹ ਰਾਹੁਲ ਗਾਂਧੀ ਦੀ 'ਇਨਸਾਫ ਰੈਲੀ' ਚ ਵਹੀਰਾਂ ਘੱਤ ਕੇ ਪੁੱਜੇ ਤਾਂਕਿ 2027 ਚ ਦੂਰਦਰਸ਼ੀ ਸੋਚ ਵਾਲੀ ਲੀਡਰਸ਼ਿਪ ਦੀ ਅਗਵਾਈ ਹੇਠ ਸੂਬੇ ਚ ਕਾਂਗਰਸ ਸਰਕਾਰ ਦੀ ਸਥਾਪਤੀ ਦਾ ਰਾਹ ਪੱਧਰਾ ਕੀਤਾ ਜਾ ਸਕੇ ਉਨਾਂ ਹਲਕਾ ਮੌੜ ਦੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਦੇ ਨਾਲ ਨਾਲ ਖਾਸ ਕਰਕੇ ਵੱਡੀ ਗਿਣਤੀ ਚ ਸ਼ਾਮਿਲ ਹੋਈਆਂ ਹਲਕੇ ਦੀਆਂ ਬੀਬੀਆਂ ਦਾ ਧੰਨਵਾਦ ਕਰਦਿਆਂ ਯਕੀਨ ਪ੍ਰਗਟਾਇਆ ਕਿ ਉਨਾਂ ਦੇ ਅਜਿਹੇ ਹੀ ਸਹਿਯੋਗ ਸਦਕਾ 2027 ਵਿਧਾਨ ਸਭਾ ਚੋਣਾਂ ਚ ਮੌੜ ਹਲਕੇ ਦੀ ਸੀਟ ਜਿੱਤਕੇ ਕਾਂਗਰਸ ਪਾਰਟੀ ਦੀ ਝੋਲੀ ਪਾਈ ਜਾਵੇਗੀ।

### ਸਰਪੰਚ ਦੌਲਤਪੁਰ ਧੂਰੀ ਤੋਂ 15 ਬੱਸਾਂ ਅਤੇ

# 500 ਗੱਡੀਆਂ ਦੇ ਵੱਡੇ ਕਾਫਲੇ ਸਮੇਤ ਪਹੁੰਚੇ ਰਾਹੁਲ ਗਾਂਧੀ ਦੀ ਰੈਲੀ ਵਿੱਚ



**ਧੂਰੀ** ( **ਰਣਜੀਤ ਸਿੰਘ ਪੇਧਨੀ** )-ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਕਿਸਾਨ ਵਿੰਗ ਪੰਜਾਬ ਦੇ ਜਨਰਲ ਸਕੱਤਰਾਂ ਅਤੇ ਧੂਰੀ ਵਿਧਾਨ ਸਭਾ ਹਲਕੇ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਸਰਪੰਚ ਹਰਦੀਪ ਸਿੰਘ ਦੌਲਤਪੁਰ ਵੱਲੋਂ ਵੱਡੇ ਕਾਫਲੇ ਸਮੇਤ ਸ੍ਰੀ ਰਾਹੁਲ ਗਾਂਧੀ ਜੀ ਵੱਲੋਂ ਰੱਖੀ ਗਈ ਫੱਗੂਵਾਲਾ ਵਿਖੇ ਰੈਲੀ ਵਿੱਚ ਸ਼ਾਮਿਲ ਹੋਏਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਰਪੰਚ ਹਰਦੀਪ ਸਿੰਘ ਦੌਲਤਪੁਰ ਨੇ ਕਿਹਾਕਿ ਸਾਡੇ ਬਹੁਤ ਹੀ ਸਤਿਕਾਰਯੋਗ ਸ੍ਰੀ ਰਾਹੁਲ ਗਾਂਧੀ ਜੀ ਫੱਗੂਵਾਲਾ ਵਿਖੇ ਰੈਲੀ ਨੂੰ ਸੰਬੋਧਨ ਕਰਨ ਲਈ ਆ ਰਹੇ ਹਨ। ਜਿਸ ਨੂੰ ਲੈ ਕੇ ਵਰਕਰਾਂ ਦੇ ਵਿੱਚ ਬਹੁਤ ਹੀ ਉਤਸਾਹ ਦੇਖਣ ਨੂੰ ਮਿਲ ਰਿਹਾ ਹੈ। ਅਸੀਂ ਆਪਣੇ ਧੂਰੀ ਵਿਧਾਨ ਸਭਾ ਹਲਕੇ ਦੇ ਵਿੱਚੋਂ 15 ਬੱਸਾਂ ਅਤੇ 500 ਗੱਡੀਆਂ ਦੇ ਕਾਫਲੇ ਸਮੇਤ ਵਿੱਚ ਰੈਲੀ ਵਾਲੀ ਥਾ ਤੇ ਪਹੁੰਚ ਕੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਦਾ ਆਪਣਾ ਅਹਿਮ ਯੋਗਦਾਨ ਪਾਉਣਗੇ।ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਤੇ ਪੰਜਾਬ ਨੂੰ ਨਸ਼ਾ ਮੁਕਤ ਕਰਕੇ ਦੁਬਾਰਾ ਸੋਨੇ ਦੀ ਚਿੜੀ ਬਣਾਇਆ ਜਾਵੇਗਾ।ਜ਼ਿਕਰਯੋਗ ਹੈ ਕਿ ਸਰਪੰਚ ਹਰਦੀਪ ਸਿੰਘ ਦੌਲਤਪੁਰ ਪਿਛਲੇ ਲੰਮੇ ਸਮੇਂ ਤੋਂ ਕਾਂਗਰਸ ਪਾਰਟੀ ਦਾ ਝੰਡਾ ਲੈ ਕੇ ਤੁਰੇ ਹੋਏ ਹਨ। ਉਨਾਂ ਵੱਲੋਂ ਪਿਛਲੇ ਕਈ ਮਹੀਨਿਆਂ ਤੋਂ ਪਾਰਟੀ ਦੀ ਲਈ ਡੋਰ ਟੂ ਡੋਰ ਦੀ ਮੁਹਿੰਮ ਸ਼ੁਰੂ ਕਰਕੇ ਆਪਣੀ ਮਿਹਨਤ ਨੂੰ ਦਿਨ ਰਾਤ ਜਾਰੀ ਰੱਖਿਆ ਹੋਇਆ ਹੈ। ਧੂਰੀ ਹਲਕੇ ਦੇ ਲੋਕਾ ਦੀ ਆਵਾਜ਼ ਹੈ ਕਿ ਜੇਕਰ ਸਰਪੰਚ ਹਰਦੀਪ ਸਿੰਘ ਦੌਲਤਪੁਰ ਨੂੰ ਕਾਂਗਰਸ ਪਾਰਟੀ ਦੀ ਟਿਕਟ ਦੀ ਮਿਲਦੀ ਹੈ ਤਾਂ ਉਹ ਉਹਨਾਂ ਨੂੰ ਧੂਰੀ ਤੋਂ ਵੱਡੇ ਮਾਰਜਨ ਨਾਲ ਜਿਤਾਕੇ ਵਿਧਾਨ ਸਭਾ ਭੇਜਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣਗੇ ।ਇਸ ਮੌਕੇ ਸੁਖਵਿੰਦਰ ਸਿੰਘ ਰਣੀਕੇ, ਸੋਨੀ ਬੇਨੜਾ ਤੋਂ ਇਲਾਵਾਨੌਜਵਾਨ ਅਤੇ ਮਹਿਲਾਵਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਬੀਜੇਪੀ-ਆਰ.ਐਸ.ਐਸ ਵੱਲੋਂ ਘੱਟ ਗਿਣਤੀ ਕੌਮਾਂ ਦੇ ਧਾਰਮਿਕ ਸਥਾਨਾਂ ਨੂੰ ਨਿਸ਼ਾਨਾ ਬਣਾਕੇ ਢਹਿ-ਢੇਰੀ ਕਰਨਾ, ਹਾਲਾਤਾਂ ਨੂੰ ਵਿਸਫੋਟਕ ਬਣਾਉਣ ਵਾਲੀ ਕਾਰਵਾਈ : ਮਾਨ



ਨਵੀਂ ਦਿੱਲੀ, 4 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-ਸੈਂਟਰ ਵਿਚ ਬੀਤੇ 14 ਸਾਲਾਂ ਤੋਂ ਕਾਬਜ ਹੋਈ ਬੀਜੇਪੀ-ਆਰ.ਐਸ.ਐਸ ਦੀ ਮੋਦੀ ਹਕੂਮਤ ਦੇ ਫਿਰਕੂ ਹੁਕਮਰਾਨਾਂ ਵੱਲੋਂ ਨਿਰੰਤਰ ਸਮੁੱਚੇ ਮੁਲਕ ਵਿਚ ਵੱਸਣ ਵਾਲੀਆਂ ਘੱਟ ਗਿਣਤੀ ਕੌਮਾਂ ਉਤੇ ਹਿੰਦੂਤਵ ਸੋਚ ਨੂੰ ਜਬਰੀ ਥੋਪਕੇ ਅਤੇ ਉਹਨਾਂ ਦੀਆਂ ਮਸਜਿਦਾਂ, ਗੁਰੂਘਰਾਂ ਅਤੇ ਚਰਚਾ ਆਦਿ ਨੂੰ ਨਿਸ਼ਾਨਾ ਬਣਾਕੇ ਇਥੋਂ ਦੀ ਪਹਿਲੋਂ ਹੀ ਬਦਤਰ ਬਣੀ ਸਥਿਤੀ ਨੂੰ ਹੋਰ ਵਿਸਫੋਟਕ ਬਣਾਉਣ ਤੋਂ ਵੀ ਗੁਰੇਜ ਨਹੀਂ ਕੀਤਾ ਜਾ ਰਿਹਾ, ਜੋ ਘੱਟ ਗਿਣਤੀ ਕੌਮਾਂ ਲਈ ਅਸਹਿ ਹੈ ।ਇਹ ਅਜਿਹੀ ਕਾਰਵਾਈ ਇਥੋਂ ਦੇ ਧਾਰਮਿਕ ਅਤੇ ਸਮਾਜਿਕ ਮਾਹੌਲ ਨੂੰ ਗੰਦਲਾ ਕਰ ਰਹੀ ਹੈ, ਜਿਸਦੇ ਨਤੀਜੇ ਕਦਾਚਿਤ ਲਾਹੇਵੰਦ ਨਹੀਂ ਹੋਣਗੇ । ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਫਿਰਕੂ ਮੋਦੀ ਹਕੂਮਤ ਦੀਆਂ ਘੱਟ ਗਿਣਤੀ ਕੌਮਾਂ ਵਿਰੋਧੀ ਨਫ਼ਰਤ ਭਰੀਆਂ ਕਾਰਵਾਈਆਂ ਤੋਂ ਹੁਕਮਰਾਨਾਂ ਨੂੰ ਖ਼ਬਰਦਾਰ ਕਰਦੇ ਹੋਏ ਅਤੇ ਘੱਟ ਗਿਣਤੀ ਕੌਮਾਂ ਨੂੰ ਆਪਣੇ ਵਿਧਾਨਿਕ ਅਤੇ ਸਮਾਜਿਕ ਹੱਕਾਂ ਦੀ ਰੱਖੀਆਂ ਲਈ ਤੁਰੰਤ ਇਕ ਪਲੇਟਫਾਰਮ ਤੇ ਇਕੱਤਰ ਹੋਕੇ ਮੋਦੀ ਫਿਰਕੂ ਹਕੂਮਤ ਨੂੰ ਰਾਜਭਾਗ ਤੋਂ ਆਪਣੇ ਵੋਟ ਹੱਕ ਰਾਹੀਂ ਚੱਲਦਾ ਕਰਨ ਦੀ ਸੰਜੀਦਾ ਅਪੀਲ ਕਰਦੇ ਹੋਏ ਪ੍ਰਗਟ ਕੀਤੇ। ਉਹਨਾਂ ਕਿਹਾ ਕਿ ਅਸੀਂ ਬੀਤੇ ਸਮੇਂ ਵਿਚ ਹਿੰਦੂਤਵ ਹੁਕਮਰਾਨਾਂ ਦੀਆਂ ਗੈਰ-ਧਾਰਮਿਕ ਕਾਰਵਾਈਆਂ ਤੋਂ ਨਿਰੰਤਰ ਸਮੁੱਚੇ ਸੰਸਾਰ ਨੂੰ ਸਮੇਂ-ਸਮੇਂ ਤੇ ਜਾਣੂ ਕਰਵਾਉਂਦੇ ਆ ਰਹੇ ਹਾਂ ਤਾਂਕਿ ਕੌਮਾਤਰੀ ਕਾਨੂੰਨਾਂ ਅਤੇ ਨਿਯਮਾਂ ਅਧੀਨ ਮੋਦੀ ਦੀ ਜਾਬਰ ਘੱਟ ਗਿਣਤੀ ਕੌਮਾਂ ਵਿਰੋਧੀ ਸਰਕਾਰ ਦੇ ਅਜਿਹੇ ਅਮਲਾਂ ਤੇ ਰੋਕ ਲਗ ਸਕੇ। ਉਹਨਾਂ ਵੇਰਵਾ ਦਿੰਦੇ ਹੋਏ ਕਿਹਾ ਕਿ 06 ਸਤੰਬਰ 2026 ਨੂੰ ਸਹਾਰਨਪੁਰ ਦੀ ਇਸਲਾਮਿਕ ਮਸਜਿਦ ਨੂੰ ਢਹਿ ਢੇਰੀ ਕੀਤਾ ਗਿਆ, ਫਿਰ 29 ਸਤੰਬਰ 2026 ਨੂੰ ਸਾਹੀ ਮਸਜਿਦ ਉਜੈਨ ਨੂੰ ਨਿਸ਼ਾਨਾ ਬਣਾਇਆ ਗਿਆ। 12 ਅਕਤੂਬਰ 2026 ਨੂੰ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ ਦਿੱਲੀ ਪੁਲਿਸ ਨੇ ਜੁੱਤੀਆਂ ਸਮੇਤ ਦਾਖਲ ਹੋਕੇ ਗੁਰੂ ਮਰਿਯਾਦਾਵਾਂ ਦਾ ਘੋਰ ਉਲੰਘਣ ਕੀਤਾ ਅਤੇ ਉੱਥੇ ਲੰਗਰ ਪ੍ਰਸ਼ਾਦੇ ਛੱਕਣ ਵਾਲੀ ਨੌਜਵਾਨੀ ਉਤੇ ਜ਼ਬਰ ਢਾਹਕੇ ਸਾਡੀ ਸਰਬੱਤ ਦਾ ਭਲਾ ਲੋੜਣ ਵਾਲੀ ਸੋਚ ਦੀ ਵੀ ਤੋਹੀਨ ਕੀਤੀ। ਹੁਣੇ ਹੀ ਕਦੀਮੀ ਮਸਜਿਦ ਦਿੱਲੀ ਨੂੰ ਨਿਸ਼ਾਨਾ ਬਣਾਉਣ ਲਈ ਨਿਸ਼ਾਨਦੇਹੀ ਕੀਤੀ ਜਾ ਰਹੀ ਹੈ । ਇਹ ਸਭ ਗੈਰ-ਧਾਰਮਿਕ ਅਮਲ ਜ਼ਾਬਰ ਫਿਰਕੂ ਮੋਦੀ ਹਕੂਮਤ ਵੱਲੋਂ ਲੰਬੇ ਸਮੇਂ ਤੋਂ ਕੀਤੀ ਜਾਂਦੀ ਆ ਰਹੀ ਹੈ। ਇਹ ਕਾਰਵਾਈ ਬਹੁਗਿਣਤੀ ਵੱਲੋਂ ਘੱਟ ਗਿਣਤੀ ਕੌਮਾਂ ਦੇ ਧਾਰਮਿਕ ਸਥਾਨਾਂ ਨੂੰ ਨਿਸ਼ਾਨਾ ਬਣਾਕੇ ਢਹਿ ਢੇਰੀ ਕਰਨ ਦੀ ਕਾਰਵਾਈ ਸੋਚੀ ਸਮਝੀ ਸਾਜਿਸ਼ ਦੀ ਕੜੀ ਹੈ। ਸ. ਮਾਨ ਨੇ ਯੂ.ਐਸ. ਕਮਿਸ਼ਨ ਓਨ ਇੰਟਰਨੈਸ਼ਨਲ ਰਿਲੀਜੀਅਸ ਫ੍ਰੀਡਮ, ਐਮਨੈਸਟੀ ਇੰਟਰਨੈਸ਼ਨਲ, ਜੇਨੇਵਾ ਵਿਖੇ ਮਨੁੱਖੀ ਅਧਿਕਾਰ ਕਮਿਸ਼ਨ, ਦਿੱਲੀ ਵਿਖੇ ਘੱਟ ਗਿਣਤੀ ਕਮਿਸ਼ਨ, ਸਟਾਰਬੱਕ ਵਿਖੇ ਯੂਰਪੀਅਨ ਮਨੁੱਖੀ ਅਧਿਕਾਰ ਕਮਿਸ਼ਨ ਅਤੇ ਬਾਰੀਕੀ ਨਾਲ ਓ.ਆਈ.ਸੀ. (ਇਸਲਾਮਿਕ ਦੇਸ਼ਾਂ ਦੇ ਸੰਗਠਨ) ਆਦਿ ਮਨੁੱਖੀ ਅਧਿਕਾਰਾਂ ਅਤੇ ਧਾਰਮਿਕ ਅਧਿਕਾਰਾਂ ਦੀ ਰੱਖਿਆ ਲਈ ਸਰਗਰਮ ਸਭ ਕੌਮਾਂਤਰੀ ਸੰਗਠਨਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਇਸ ਹੋ ਰਹੇ ਜਬਰ ਨੂੰ ਰੋਕਣ ਲਈ ਤੁਰੰਤ ਅਮਲ ਕਰਨ। ਕਿਉਂਕਿ ਹਿੰਦੂਤਵ ਹੁਕਮਰਾਨਾਂ ਦੀਆਂ ਅਜਿਹੀਆਂ ਕਾਰਵਾਈਆਂ ਇੰਡੀਆ ਵਿਚ ਅਰਾਜਕਤਾ ਫੈਲਾਉਣ ਵਾਲਿਆਂ ਅਤੇ ਇਥੋਂ ਦੇ ਅਮਨ ਚੈਨ ਨੂੰ ਸੱਟ ਮਾਰਨ ਵਾਲੀਆਂ ਕਾਰਵਾਈਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਨਸ਼ੇ ਨਾਲ ਪੀੜਤ ਨੌਜਵਾਨਾਂ ਦੀ ਸਾਰ ਲਈ

# ਨਸ਼ਿਆਂ ਵਿਰੁੱਧ ਲੜਾਈ ਲਈ ਸੇਵਾ ਅਤੇ ਸਹਿਯੋਗ ਜ਼ਰੂਰੀ : ਭਾਈ ਸ਼ਮਸ਼ੇਰ ਸਿੰਘ ਪੱਧਰੀ







**ਅੰਮ੍ਰਿਤਸਰ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਹਲਕਾ ਪੂਰਬੀ ਦੀ ਇੰਦਰਾ ਕਲੋਨੀ ਵਿਖੇ ਅਕਾਲੀ ਦਲ ਵਾਰਿਸ ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਭਾਈ ਲਵਜੀਤ ਸਿੰਘ ਖਾਲਸਾ ਦੇ ਸਹਿਯੋਗ ਨਾਲ ਨਸ਼ਿਆਂ ਦੀ ਮਾਰ ਹੇਠ ਆਏ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਹਾਇਤਾ ਲਈ ਇੱਕ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਇਸ ਮੌਕੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਨਸ਼ਾ ਪੀੜਤ ਨੌਜਵਾਨਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਮੁਸ਼ਕਲਾਂ, ਦੁੱਖ-ਦਰਦ ਅਤੇ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਨੌਜਵਾਨਾਂ ਨੂੰ ਭਾਈ ਸਾਹਿਬ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਵਿਚਾਰਧਾਰਾ, ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਦੇ ਸੰਕਲਪ ਅਤੇ ਚੰਗੇ ਸਮਾਜ ਦੀ ਸਿਰਜਣਾ ਲਈ ਆਪਣੇ ਜੀਵਨ ਨੂੰ ਸਹੀ ਦਿਸ਼ਾ ਵਿੱਚ ਲਿਜਾਣ ਸਬੰਧੀ ਜਾਣੂ ਕਰਵਾਇਆ ਗਿਆ।ਇਸ ਵਿਚਾਰਧਾਰਾ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਨਸ਼ਿਆਂ ਨੂੰ ਤਿਆਗ ਕੇ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਆਉਣ ਲਈ ਪੂਰਨਾ ਹਾਸਲ ਕੀਤੀ। ਇਹ ਕਦਮ ਉਨ੍ਹਾਂ ਦੀ ਜ਼ਿੰਦਗੀ ਵਿੱਚ ਇੱਕ ਨਵੀਂ ਸ਼ੁਰੂਆਤ ਵੱਲ ਸਾਰਥਕ ਪਹਿਲ ਸਾਬਤ ਹੋ ਸਕਦਾ ਹੈ।ਕੈਂਪ ਦੌਰਾਨ ਉਚੇਚੇ ਤੌਰ ਤੇ ਪਹੁੰਚੇ ਡਾਕਟਰ ਬਰਿੰਦਰ ਸਿੰਘ ਜੀ ਵੱਲੋਂ ਨਸ਼ਿਆਂ ਦੀ ਵਰਤੋਂ ਕਾਰਨ ਮਨੁੱਖੀ ਸਰੀਰ ਵਿੱਚ ਪੈਦਾ ਹੋਣ ਵਾਲੀਆਂ ਵੱਖ-ਵੱਖ ਗੰਭੀਰ ਬਿਮਾਰੀਆਂ, ਸਿਹਤ ਉੱਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਅਤੇ ਇਨ੍ਹਾਂ ਤੋਂ ਬਚਾਅ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਨੌਜਵਾਨਾਂ ਨੂੰ ਸਿਹਤ ਪ੍ਰਤੀ ਜਾਗਰੂਕ ਰਹਿਣ ਅਤੇ ਲੋੜ ਪੈਣ 'ਤੇ ਸਮੇਂ ਸਿਰ ਡਾਕਟਰੀ ਸਹਾਇਤਾ ਲੈਣ ਲਈ ਵੀ ਪ੍ਰੇਰਿਤ ਕੀਤਾ। ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰੀ ਬਿਆਨਾਂ ਜਾਂ ਨਾਅਰਿਆਂ ਨਾਲ ਨਹੀਂ ਜਿੱਤੀ ਜਾ ਸਕਦੀ, ਇਸ ਲਈ ਸਮਾਜ ਦੇ ਹਰ ਵਰਗ ਨੂੰ ਅੱਗੇ ਆ ਕੇ ਨਸ਼ਾ ਪੀੜਤ ਨੌਜਵਾਨਾਂ ਦਾ ਹੱਥ ਫੜਨਾ ਪਵੇਗਾ। ਨਸ਼ੇ ਦਾ ਸ਼ਿਕਾਰ ਹੋਇਆ ਨੌਜਵਾਨ ਸਾਡਾ ਦੁਸ਼ਮਣ ਨਹੀਂ, ਸਗੋਂ ਸਾਡੀ ਆਪਣੀ ਕੌਮ ਅਤੇ ਸਮਾਜ ਦਾ ਹਿੱਸਾ ਹੈ, ਜਿਸ ਨੂੰ ਨਫ਼ਰਤ ਦੀ ਨਹੀਂ ਬਲਕਿ ਪਿਆਰ, ਹੌਸਲੇ, ਸਹੀ ਮਾਰਗਦਰਸ਼ਨ ਅਤੇ ਇਲਾਜ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਮਕਸਦ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾ ਕੇ ਸਿਹਤਮੰਦ, ਜਾਗਰੂਕ ਅਤੇ ਚੜ੍ਹਦੀ ਕਲਾ ਵਾਲੇ ਸਮਾਜ ਦੀ ਸਿਰਜਣਾ ਕਰਨਾ ਹੈ। ਅਜਿਹੇ ਉਪਰਾਲੇ ਅੱਗੇ ਵੀ ਜਾਰੀ ਰੱਖੇ ਜਾਣਗੇ ਤਾਂ ਜੋ ਕੋਈ ਵੀ ਨੌਜਵਾਨ ਨਸ਼ਿਆਂ ਕਾਰਨ ਆਪਣੀ ਜ਼ਿੰਦਗੀ ਬਰਬਾਦ ਨਾ ਕਰੇ ਅਤੇ ਹਰ ਪਰਿਵਾਰ ਦੇ ਚਿਹਰੇ 'ਤੇ ਮੁੜ ਖੁਸ਼ੀ ਪਰਤ ਸਕੇ। ਇਸ ਮੌਕੇ ਤੇ ਭਾਈ ਮਨਪ੍ਰੀਤ ਸਿੰਘ ਜੀ, ਭਾਈ ਪੰਜਾਬ ਸਿੰਘ ਜੀ ਅਤੇ ਭਾਈ ਮਹਿੰਦਰਪਾਲ ਸਿੰਘ ਤੁੰਗ ਵੀ ਹਾਜਰ ਸਨ।

**ਹਲਕਾ ਪੂਰਬੀ ਵਿਖੇ ਮੁਫ਼ਤ ਮੈਡੀਕਲ ਕੈਂਪ ਦੌਰਾਨ ਨਸ਼ਾ ਪੀੜਤ ਨੌਜਵਾਨਾਂ ਤੇ ਪਰਿਵਾਰਾਂ ਦੀਆਂ ਸੁਣੀਆਂ ਮੁਸ਼ਕਲਾਂ, ਡਾ. ਬਰਿੰਦਰ ਸਿੰਘ ਨੇ ਦਿੱਤੀ ਸਿਹਤ ਸਬੰਧੀ ਜਾਣਕਾਰੀ**

ਆਵਾਜ਼ਿ ਕੌਮ AWAZE QAUM International Newspaper & WEB TV

### ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਸਾਲਾਨਾ ਖੇਡ ਮੇਲਾ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ

# ਜੇਤੂ ਬੱਚਿਆਂ ਨੂੰ ਵਿਸ਼ੇਸ ਤੌਰ 'ਤੇ ਕੀਤਾ ਸਨਮਾਨਿਤ











**ਬਿਲਾਸਪੁਰ/ਮੋਗਾ (ਵਰਿਆਮ ਹਠੂਰ)**-ਵਿੱਦਿਆ ਦੇ ਖੇਤਰ ਵਿੱਚ ਦਿਨੋਂ ਦਿਨ ਤਰੱਕੀਆਂ ਕਰ ਰਹੀ ਨਾਮਵਾਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ, ਬਿਲਾਸਪੁਰ (ਮੋਗਾ) ਵਿਖੇ ਸਾਲਾਨਾ ਖੇਡ ਮੇਲਾ ਸਕੂਲ ਮੈਨਜਮੈਂਟ ਅਤੇ ਪ੍ਰਿੰਸੀਪਲ ਜਸਮੇਲ ਸਿੰਘ ਕਲਸੀ ਦੀ ਦੇਖ ਰੇਖ ਹੇਠ ਬੜੇ ਹੀ ਉਤਸ਼ਾਹ, ਜੋਸ਼ ਅਤੇ ਧੂਮ-ਧਾਮ ਨਾਲ ਕਰਵਾਇਆ ਗਿਆ। ਇਸ ਖੇਡ ਸਮਾਗਮ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਅਤੇ ਆਪਣੀ ਖੇਡ ਪ੍ਰਤਿਭਾ, ਸਰੀਰਕ ਸਮਰੱਥਾ, ਅਨੁਸ਼ਾਸਨ ਅਤੇ ਖੇਡ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਇੱਕ ਸਿਹਤਮੰਦ ਤੇ ਸਕਾਰਾਤਮਕ ਮੰਚ ਪ੍ਰਦਾਨ ਕਰਨਾ ਸੀ। ਖੇਡ ਮੇਲੇ ਦਾ ਆਗਾਜ਼ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ ਗਿਆ। ਸਭ ਤੋਂ ਪਹਿਲਾਂ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਮਾਰਚ ਪਾਸਟ ਪੇਸ਼ ਕੀਤੀ ਗਈ, ਜਿਸ ਨੇ ਅਨੁਸ਼ਾਸਨ, ਏਕਤਾ ਅਤੇ ਸਮਰਪਣ ਦੀ ਭਾਵਨਾ ਨੂੰ ਦਰਸਾਇਆ। ਵੱਖ-ਵੱਖ ਹਾਊਸਾਂ ਦੇ ਵਿਦਿਆਰਥੀਆਂ ਨੇ ਆਪਣੀ ਨਿਰਧਾਰਤ ਵਰਦੀ ਅਤੇ ਕਤਾਰਬੱਧ ਢੰਗ ਨਾਲ ਮਾਰਚ ਪਾਸਟ ਵਿੱਚ ਹਿੱਸਾ ਲਿਆ। ਇਸ ਉਪਰੰਤ ਖੇਡ ਸਹੁੰ ਚੁੱਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਖਿਡਾਰੀਆਂ ਨੇ ਖੇਡਾਂ ਦੇ ਨਿਯਮਾਂ ਦੀ ਪਾਲਣਾ ਕਰਨ, ਇਮਾਨਦਾਰੀ ਨਾਲ ਖੇਡਣ ਅਤੇ ਜਿੱਤ-ਹਾਰ ਨੂੰ ਖੇਡ ਭਾਵਨਾ ਨਾਲ ਸਵੀਕਾਰ ਕਰਨ ਦਾ ਪ੍ਰਣ ਲਿਆ। ਸਕੂਲ ਦੇ ਖੇਡ ਮੈਦਾਨ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਤਿਆਰ ਕੀਤਾ ਗਿਆ। ਮੈਦਾਨ ਵਿੱਚ ਵਿਦਿਆਰਥੀਆਂ ਦਾ ਜੋਸ਼, ਦਰਸ਼ਕਾਂ ਦੀਆਂ ਤਾੜੀਆਂ ਅਤੇ ਅਧਿਆਪਕਾਂ ਦੀ ਹੌਸਲਾ ਅਫਜ਼ਾਈ ਨੇ ਪੂਰੇ ਮਾਹੌਲ ਨੂੰ ਉਤਸ਼ਾਹ ਨਾਲ ਭਰ ਦਿੱਤਾ। ਖੇਡਾਂ ਦੀ ਸ਼ੁਰੂਆਤ ਹੁੰਦਿਆਂ ਹੀ ਵਿਦਿਆਰਥੀਆਂ ਵਿੱਚ ਆਪਣੇ-ਆਪਣੇ ਹਾਊਸ ਲਈ ਬਿਹਤਰੀਨ ਪ੍ਰਦਰਸ਼ਨ ਕਰਨ ਦਾ ਜਜ਼ਬਾ ਦੇਖਣ ਨੂੰ ਮਿਲਿਆ। ਖੇਡ ਸਮਾਗਮ ਦੌਰਾਨ ਵਿਦਿਆਰਥੀਆਂ ਦੀ ਉਮਰ ਅਤੇ ਸਮਰੱਥਾ ਅਨੁਸਾਰ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ। ਇਨ੍ਹਾਂ ਵਿੱਚ 100 ਮੀਟਰ, 200 ਮੀਟਰ ਅਤੇ 400 ਮੀਟਰ ਦੌੜ, ਰਿਲੇਅ ਰੇਸ, ਲੰਬੀ ਛਾਲ, ਉੱਚੀ ਛਾਲ, ਰੱਸਾਕਸ਼ੀ ਅਤੇ ਹੋਰ ਕਈ ਦਿਲਚਸਪ ਮੁਕਾਬਲੇ ਸ਼ਾਮਲ ਸਨ। ਵਿਦਿਆਰਥੀਆਂ ਨੇ ਦੌੜਾਂ ਅਤੇ ਹੋਰ ਮੁਕਾਬਲਿਆਂ ਵਿੱਚ ਆਪਣੀ ਗਤੀ, ਤਾਕਤ, ਸਹਿਣਸ਼ੀਲਤਾ ਅਤੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਰਿਲੇਅ ਰੇਸ ਦੌਰਾਨ ਟੀਮ ਵਰਕ ਅਤੇ ਆਪਸੀ ਤਾਲਮੇਲ ਦੀ ਬਿਹਤਰੀਨ ਮਿਸਾਲ ਦੇਖਣ ਨੂੰ ਮਿਲੀ, ਜਦਕਿ ਰੱਸਾਕਸ਼ੀ ਦੇ ਮੁਕਾਬਲਿਆਂ ਨੇ ਦਰਸ਼ਕਾਂ ਵਿੱਚ ਵਿਸ਼ੇਸ਼ ਉਤਸ਼ਾਹ ਪੈਦਾ ਕੀਤਾ। ਹਰ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਪੂਰੀ ਮਿਹਨਤ, ਲਗਨ ਅਤੇ ਖੇਡ ਭਾਵਨਾ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਖੇਡ ਮੇਲੇ ਦੀ ਇੱਕ ਵਿਸ਼ੇਸ਼ ਗੱਲ ਇਹ ਰਹੀ ਕਿ ਇਸ ਵਿੱਚ ਸਿਰਫ਼ ਜਿੱਤਣ ਵਾਲੇ ਖਿਡਾਰੀਆਂ ਨੂੰ ਹੀ ਨਹੀਂ, ਸਗੋਂ ਹਰ ਉਸ ਵਿਦਿਆਰਥੀ ਨੂੰ ਉਤਸ਼ਾਹਿਤ ਕੀਤਾ ਗਿਆ ਜਿਸ ਨੇ ਪੂਰੇ ਜਜ਼ਬੇ ਅਤੇ ਸਮਰਪਣ ਨਾਲ ਭਾਗ ਲਿਆ। ਇਸ ਨਾਲ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਮੁਕਾਬਲੇ ਦੀ ਭਾਵਨਾ ਅਤੇ ਨਵੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦਾ ਹੌਸਲਾ ਪੈਦਾ ਹੋਇਆ। ਇਸ ਮੌਕੇ ਸਕੂਲ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸਮਾਜ ਸੇਵੀ ਸਰਦਾਰ ਚਰਨ ਸਿੰਘ, ਸਕੂਲ ਚੇਅਰਮੈੱਨ ਯੋਗਿੰਦਰ ਪ੍ਰਸਾਦ ਸ਼ਰਮਾ ਤੇ ਪ੍ਰਿੰਸੀਪਲ ਸ੍ਰ: ਜਸਮੇਲ ਸਿੰਘ ਕਲਸੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀ ਜੀਵਨ ਦਾ ਇੱਕ ਮਹੱਤਵਪੂਰਨ ਹਿੱਸਾ ਹਨ। ਸਿੱਖਿਆ ਦਾ ਉਦੇਸ਼ ਕੇਵਲ ਕਿਤਾਬੀ ਗਿਆਨ ਪ੍ਰਦਾਨ ਕਰਨਾ ਹੀ ਨਹੀਂ, ਸਗੋਂ ਬੱਚਿਆਂ ਦਾ ਸਰੀਰਕ, ਮਾਨਸਿਕ, ਸਮਾਜਿਕ ਅਤੇ ਨੈਤਿਕ ਵਿਕਾਸ ਕਰਨਾ ਵੀ ਹੈ। ਖੇਡਾਂ ਵਿਦਿਆਰਥੀਆਂ ਨੂੰ ਅਨੁਸ਼ਾਸਨ, ਸਮੇਂ ਦੀ ਪਾਬੰਦੀ, ਸਬਰ, ਸਹਿਯੋਗ, ਅਗਵਾਈ ਅਤੇ ਟੀਮ ਭਾਵਨਾ ਵਰਗੇ ਜੀਵਨ ਦੇ ਮਹੱਤਵਪੂਰਨ ਗੁਣ ਸਿਖਾਉਂਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਜਿੱਤਣ ਵਾਲੇ ਖਿਡਾਰੀਆਂ ਨੂੰ ਆਪਣੀ ਪ੍ਰਾਪਤੀ 'ਤੇ ਮਾਣ ਕਰਨਾ ਚਾਹੀਦਾ ਹੈ, ਪਰ ਹਾਰਨ ਵਾਲਿਆਂ ਨੂੰ ਨਿਰਾਸ਼ ਹੋਣ ਦੀ ਬਜਾਏ ਆਪਣੀਆਂ ਕਮੀਆਂ ਤੋਂ ਸਿੱਖ ਕੇ ਹੋਰ ਮਿਹਨਤ ਕਰਨੀ ਚਾਹੀਦੀ ਹੈ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਸਰਗਰਮ ਰਹਿਣ ਲਈ ਪ੍ਰੇਰਿਤ ਕੀਤਾ। ਸਕੂਲ ਦੇ ਖੇਡ ਵਿਭਾਗ ਅਤੇ ਸਮੂਹ ਅਧਿਆਪਕਾਂ ਨੇ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਵਿਸ਼ੇਸ਼ ਯੋਗਦਾਨ ਪਾਇਆ। ਉਨ੍ਹਾਂ ਨੇ ਮੁਕਾਬਲਿਆਂ ਦੀ ਯੋਜਨਾਬੰਦੀ, ਵਿਦਿਆਰਥੀਆਂ ਦੀ ਤਿਆਰੀ, ਖੇਡਾਂ ਦੇ ਪ੍ਰਬੰਧ ਅਤੇ ਅਨੁਸ਼ਾਸਨ ਨੂੰ ਬਣਾਈ ਰੱਖਣ ਵਿੱਚ ਆਪਣੀ ਜ਼ਿੰਮੇਵਾਰੀ ਬਾਖੂਬੀ ਨਿਭਾਈ। ਸਮਾਗਮ ਦੇ ਅੰਤ ਵਿੱਚ ਵੱਖ-ਵੱਖ ਮੁਕਾਬਲਿਆਂ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ, ਸਰਟੀਫਿਕੇਟ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਜੇਤੂ ਵਿਦਿਆਰਥੀਆਂ ਦੇ ਚਿਹਰਿਆਂ 'ਤੇ ਖੁਸ਼ੀ ਅਤੇ ਮਾਣ ਦੀ ਭਾਵਨਾ ਦੇਖਣਯੋਗ ਸੀ। ਇਸ ਦੇ ਨਾਲ ਹੀ ਸਾਰੇ ਭਾਗੀਦਾਰਾਂ ਦੀ ਹੌਸਲਾ ਅਫਜ਼ਾਈ ਕਰਦਿਆਂ ਉਨ੍ਹਾਂ ਦੀ ਮਿਹਨਤ ਅਤੇ ਖੇਡ ਪ੍ਰਤੀ ਸਮਰਪਣ ਦੀ ਸ਼ਲਾਘਾ ਕੀਤੀ ਗਈ। ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਸਮੂਹ ਵਿਦਿਆਰਥੀਆਂ, ਅਧਿਆਪਕਾਂ ਅਤੇ ਖੇਡ ਵਿਭਾਗ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਦੇ ਸਾਂਝੇ ਯਤਨਾਂ ਸਦਕਾ ਇਹ ਸਮਾਗਮ ਸਫਲਤਾਪੂਰਵਕ ਨੇਪਰੇ ਚੜ੍ਹਿਆ। ਇਸ ਮੌਕੇ ਰਾਜ ਪੱਧਰ ਮੁਕਾਬਲਿਆਂ ਵਿੱਚ ਖੇਡਣ ਵਾਲੇ ਖਿਡਾਰੀਆਂ ਨੂੰ ਵੀ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਤਰ੍ਹਾਂ ਸੁਪਰੀਮ ਕੌਨਵੈਂਟ ਸਕੂਲ ਦਾ ਸਾਲਾਨਾ ਖੇਡ ਸਮਾਗਮ ਸਿਰਫ਼ ਇੱਕ ਖੇਡ ਸਮਾਗਮ ਹੀ ਨਹੀਂ, ਸਗੋਂ ਵਿਦਿਆਰਥੀਆਂ ਦੀ ਪ੍ਰਤਿਭਾ, ਮਿਹਨਤ, ਅਨੁਸ਼ਾਸਨ ਅਤੇ ਏਕਤਾ ਦਾ ਸ਼ਾਨਦਾਰ ਪ੍ਰਤੀਕ ਬਣਿਆ। ਇਸ ਸਮਾਗਮ ਨੇ ਇਹ ਸੁਨੇਹਾ ਦਿੱਤਾ ਕਿ ਖੇਡਾਂ ਜਿੱਤਣ ਜਾਂ ਹਾਰਨ ਦਾ ਨਹੀਂ, ਸਗੋਂ ਸਿੱਖਣ, ਅੱਗੇ ਵਧਣ ਅਤੇ ਆਪਣੇ ਆਪ ਨੂੰ ਬਿਹਤਰ ਬਣਾਉਣ ਦਾ ਮਾਧਿਅਮ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਨਾਨਕਸਰ ਸਾਹਿਬ ਜੀ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਵੱਲੋਂ ਸਮੂਹ ਪੱਤਰਕਾਰਾਂ ਨੂੰ ਸਨਮਾਨਿਤ ਕੀਤਾ ਗਿਆ

### ਪੱਤਰਕਾਰ ਸਮਾਜ ਦੀਆਂ ਬੁਰਾਈਆਂ ਨੂੰ ਉਜਾਗਰ ਕਰਕੇ ਸਮਾਜ ਨੂੰ ਸਹੀ ਦਿਸ਼ਾ ਦਿੰਦੇ-ਬਾਬਾ ਬਿਬੇਕ ਸਿੰਘ




**ਜੰਡਿਆਲਾ ਗੁਰੂ 4 ਨਵੰਬਰ ( ਕੁਲਵੰਤ ਸਿੰਘ ਵਿਰਦੀ)**- ਦਿਵਾਲੀ ਅਤੇ ਬੰਦੀ ਛੋੜ ਦਿਵਸ ਨੂੰ ਸਮਰਪਿਤ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਵੱਲੋਂ ਇਲਾਕੇ ਦੇ ਸਮੂਹ ਪੱਤਰਕਾਰ ਭਾਈਚਾਰੇ ਨੂੰ ਸਿਰੋਪਾਓ, ਮਿਠਾਈ ਆਦਿ ਭੇਟ ਕਰਕੇ ਅੱਜ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਪੱਤਰਕਾਰ ਸਮਾਜ ਦਾ ਸ਼ੀਸ਼ਾ ਹੁੰਦੇ ਹਨ। ਪੱਤਰਕਾਰ ਹੀ ਸੱਚ ਨੂੰ ਲੋਕਾਂ ਤੱਕ ਪਹੁੰਚਾਉਂਦੇ ਹਨ ਅਤੇ ਸਮਾਜ ਦੀਆਂ ਬੁਰਾਈਆਂ ਨੂੰ ਉਜਾਗਰ ਕਰਕੇ ਸਮਾਜ ਨੂੰ ਸਹੀ ਦਿਸ਼ਾ ਦਿੰਦੇ ਹਨ ਉਹਨਾਂ ਕਿਹਾ, ਪੱਤਰਕਾਰਤਾ ਸਿਰਫ਼ ਇੱਕ ਪੇਸ਼ਾ ਨਹੀਂ, ਇੱਕ ਸੇਵਾ ਹੈ। ਜਿਸ ਤਰ੍ਹਾਂ ਗੁਰਦੁਆਰੇ ਵਿੱਚ ਸੇਵਾ ਕੀਤੀ ਜਾਂਦੀ ਹੈ, ਉਸੇ ਤਰ੍ਹਾਂ ਕਲਮ ਰਾਹੀਂ ਸੱਚ ਦੀ ਸੇਵਾ ਕਰਨਾ ਵੀ ਬਹੁਤ ਵੱਡੀ ਸੇਵਾ ਹੈ। ਓਹਨਾਂ ਕਿਹਾ ਅਸੀ ਸਮੂਹ ਪੱਤਰਕਾਰ ਵੀਰਾਂ ਦੇ ਧੰਨਵਾਦੀ ਹਾਂ ਜੋ ਗੁਰਦੁਆਰਾ ਸਾਹਿਬ ਦੀਆਂ ਗਤੀਵਿਧੀਆਂ ਨੂੰ ਹਮੇਸ਼ਾ ਸੰਗਤਾਂ ਤੱਕ ਪਹੁੰਚਾਉਂਦੇ ਹਨ ਸਨਮਾਨ ਸਮਾਰੋਹ ਦੌਰਾਨ ਪੱਤਰਕਾਰਾਂ ਨੇ ਵੀ ਬਾਬਾ ਜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਮਾਣ-ਸਨਮਾਨ ਨਾਲ ਉਹਨਾਂ ਦਾ ਹੌਸਲਾ ਹੋਰ ਵਧਿਆ ਹੈ ਅਤੇ ਉਹ ਅੱਗੇ ਤੋਂ ਵੀ ਸੱਚੀ ਤੇ ਨਿਰਪੱਖ ਪੱਤਰਕਾਰਤਾ ਕਰਦੇ ਰਹਿਣਗੇ। ਇਸ ਮੌਕੇ ਬਾਬਾ ਬਿਬੇਕ ਸਿੰਘ ਨਾਲ ਅਮਨਦੀਪ ਸਿੰਘ ਡੱਡੂਆਣਾ ਹਰਪ੍ਰੀਤ ਸਿੰਘ ਹੈੱਡ ਗ੍ਰੰਥੀ, ਹਰਪ੍ਰੀਤ ਸਿੰਘ, ਪਰਤਾਪ ਸਿੰਘ, ਰਣਜੀਤ ਸਿੰਘ, ਇਕਬਾਲ ਸਿੰਘ , ਕਰਨਦੀਪ ਸਿੰਘ ਤੋਂ ਇਲਾਵਾ ਪੱਤਰਕਾਰ ਭਾਈਚਾਰੇ ਵਿੱਚ ਚੇਅਰਮੈਨ ਸੁਨੀਲ ਦੇਵਗਨ, ਵਰਿੰਦਰ ਸਿੰਘ ਮਲਹੋਤਰਾ ਪ੍ਰਧਾਨ ਜੰਡਿਆਲਾ ਪ੍ਰੈਸ ਕਲੱਬ, ਕੰਵਲਜੀਤ ਸਿੰਘ ਲਾਡੀ ਪ੍ਰਧਾਨ ਰੋਯਲ ਪ੍ਰੈਸ ਕਲੱਬ, ਜਸਪਾਲ ਸ਼ਰਮਾ, ਪਰਦੀਪ ਜੈਨ, ਇੰਦਰਜੀਤ ਮਹਿਤਾ, ਬਿੱਲਾ, ਲਖਬੀਰ ਸਿੰਘ ਗਿੱਲ, ਕੁਲਵੰਤ ਸਿੰਘ ਵਿਰਦੀ, ਗੁਰਦੇਵ ਸਿੰਘ ਮੱਲ੍ਹੀ, ਸੁਖਜਿੰਦਰ ਸਿੰਘ ਸੋਨੂੰ , ਕਰਮਜੀਤ ਸਿੰਘ,ਦਿਆਲ ਅਰੌੜਾ ਸਤਿੰਦਰ ਸਿੰਘ ਅਠਵਾਲ, ਗੁਰਦੇਵ ਸਿੰਘ ਮਨਜੋਤਰਾ ਵਾਈਸ ਪ੍ਰਧਾਨ ਮਾਝਾ ਪ੍ਰੈੱਸ ਕਲੱਬ,ਨਿਊ ਮਾਝਾ ਪ੍ਰੈੱਸ ਕਲੱਬ ਪ੍ਰਧਾਨ ਗੁਰਦੀਪ ਸਿੰਘ ਨਾਗੀ, ਸਵਿੰਦਰ ਸਿੰਘ ਲਹੌਰੀਆ, ਸੁਖਚੈਨ ਸਿੰਘ, ਰਵਿੰਦਰ ਸਿੰਘ ਗਿੱਲ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਵਿਖੇ 'ਪਹਿਲਾ ਦਿਯਾ' ਜਗਾ ਕੇ ਅੱਜ ਤੋਂ ਦੀਪਮਾਲਾ ਪਰਬ ਦਾ ਸ਼ੁਭਾਰੰਭ ਕੀਤਾ ਗਿਆ



**ਚੌਕ ਮਹਿਤਾ,4 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਵਿਖੇ ਪੁਰਾਤਨ ਰਿਵਾਯਤ ਅਨੁਸਾਰ ਦੀਪਮਾਲਾ ਪੁਰਬ ਦੀ ਆਰੰਭਤਾ 'ਪਹਿਲਾ ਦਿਯਾ' ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ – ਜੱਥੇਦਾਰ ਸਾਹਿਬ ਦੇ ਕਰਕਮਲਾਂ ਤੋਂ ਜਗਾ ਕੇ ਅਤੇ ਗੁਰਦੁਆਰਾ ਸੱਚਖੰਡ ਬੋਰਡ ਦੇ ਸਕੱਤਰ – ਸ੍ਰ. ਰਵਿੰਦਰ ਸਿੰਘ ਬੁੰਗਈ ਇਨਾਂ ਦੇ ਪ੍ਰਮੁਖ ਹਾਜ਼ਰੀ ਵਿੱਚ ਦੀਪਮਾਲਾ ਪ੍ਰੋਗ੍ਰਾਮਾਂ ਦਾ ਸ਼ੁਭਾਰੰਭ ਕੀਤਾ ਗਿਆ। ਇਸ ਸਮੇਂ ਗੁਰਦੁਆਰਾ ਬੋਰਡ ਦੇ ਸੁਪਰਡੈਂਟ – ਸ੍ਰ: ਰਵਿੰਦਰ ਸਿੰਘ ਕਪੂਰ, ਸਹਾ. ਸੁਪਰਡੈਂਟ ਸ੍ਰ. ਜੈਮਲ ਸਿੰਘ ਢਿੱਲੋਂ, ਸਹਾ. ਸੁਪਰਡੈਂਟ ਸ੍ਰ: ਬਲਵਿੰਦਰ ਸਿੰਘ ਫੌਜੀ ਅਤੇ ਅਧਿਕਾਰੀ ਨਾਲ ਹੀ ਪਤਵੰਤੇ ਸੱਜਣਾ ਨਾਲ ਸਾਧ ਸੰਗਤ ਦੀ ਹਾਜ਼ਰੀ ਵਿੱਚ ਸੰਪਨ ਹੋਇਆ।

ਆਵਾਜ਼ਿ ਕੌਮ AWAZE QAUM International Newspaper & WEB TV

## ਡਾ. ਰਵਜੋਤ ਸਿੰਘ ਵੱਲੋਂ ਹਲਕਾ ਸ਼ਾਮਚੁਰਾਸੀ ਦੀਆਂ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 1.16 ਕਰੋੜ ਰੁਪਏ ਦੀ ਗ੍ਰਾਂਟ ਜਾਰੀ

**ਸ਼ਾਮ ਚੁਰਾਸੀ/ ਹੁਸ਼ਿਆਰਪੁਰ, 04 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਹਲਕਾ ਸ਼ਾਮ ਚੁਰਾਸੀ ਦੇ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਹੋਰ ਗਤੀ ਦੇਣ ਦੇ ਮਕਸਦ ਨਾਲ ਅੱਜ ਹਲਕੇ ਦੀਆਂ ਵੱਖ-ਵੱਖ ਗ੍ਰਾਮ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 1.16 ਕਰੋੜ ਰੁਪਏ ਦੀ ਗ੍ਰਾਂਟ ਦੇ ਚੈੱਕ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਪੰਚਾਇਤਾਂ ਦੇ ਨੁਮਾਇੰਦਿਆਂ ਨੂੰ ਸੌਂਪੇ ਗਏ। ਪੰਚਾਇਤਾਂ ਨੂੰ ਗ੍ਰਾਂਟਾਂ ਦੇ ਚੈੱਕ ਸੌਂਪਦਿਆਂ ਜੇਲਾਂ ਅਤੇ ਪ੍ਰਵਾਸੀ ਭਾਰਤੀ ਮਾਮਲੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਰਾਸ਼ੀ ਨਾਲ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਲੰਬੇ ਸਮੇਂ ਤੋਂ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ, ਲੋਕਾਂ ਦੇ ਮਸਲਿਆਂ ਦਾ ਹੱਲ ਕਰਨ ਅਤੇ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਇਹ ਗ੍ਰਾਂਟਾਂ ਲਾਹੇਵੰਦ ਸਾਬਤ ਹੋਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਜਿਸ ਤਹਿਤ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ । ਡਾ. ਰਵਜੋਤ ਸਿੰਘ ਨੇ ਕਿਹਾ ਕਿ ਕਿਸੇ ਵੀ ਪਿੰਡ ਦਾ ਕੰਮ ਅਧੂਰਾ ਨਹੀਂ ਰਹਿਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਗ੍ਰਾਮ ਪੰਚਾਇਤਾਂ ਪਿੰਡਾਂ ਦੇ ਵਿਕਾਸ ਦੀ ਅਹਿਮ ਕੜੀ ਹਨ ਅਤੇ ਪੰਚਾਇਤਾਂ ਦੇ ਸਹਿਯੋਗ ਨਾਲ ਪਿੰਡਾਂ ਦੀਆਂ ਜ਼ਰੂਰਤਾਂ ਅਨੁਸਾਰ ਵਿਕਾਸ ਕਾਰਜ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਪੰਚਾਇਤਾਂ ਨੂੰ ਮਿਲਣ ਵਾਲੀ ਇਸ ਗ੍ਰਾਂਟ ਦੀ ਸਹੀ ਅਤੇ ਪਾਰਦਰਸ਼ੀ ਢੰਗ ਨਾਲ ਵਰਤੋਂ ਕਰਕੇ ਲੋਕਾਂ ਨੂੰ ਇਸ ਦਾ ਸਿੱਧਾ ਲਾਭ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਸੜਕਾਂ, ਗਲੀਆਂ ਅਤੇ ਹੋਰ ਜ਼ਰੂਰੀ ਬੁਨਿਆਦੀ ਸਹੂਲਤਾਂ ਦੇ ਸੁਧਾਰ ਨਾਲ ਲੋਕਾਂ ਦੇ ਜੀਵਨ ਪੱਧਰ ਵਿੱਚ ਵੀ ਵਾਧਾ ਹੋਵੇਗਾ।

### ਯੂਕੇ 'ਚ ਰਾਇਲ ਏਅਰ ਫੋਰਸ ਅੰਦਰ ਪਾਇਲਟ ਬਨਣ ਵਾਲੇ ਸਿੱਖ ਜਵਾਨ ਨੇ

# ਜਥੇਦਾਰ ਗੜਗੱਜ ਨਾਲ ਕੀਤੀ ਮੁਲਾਕਾਤ



**ਲੰਡਨ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਯੂਕੇ ਦੀ ਰਾਇਲ ਏਅਰ ਫੋਰਸ ਅੰਦਰ ਬੀਤੇ ਦਿਨੀਂ ਫਲਾਈਟ ਲੈਫਟੀਨੈਂਟ ਵਜੋਂ ਉੱਚ ਅਹੁਦਾ ਹਾਸਲ ਕਰਨ ਵਾਲੇ ਸ. ਅਰਸ਼ਦੀਪ ਸਿੰਘ ਆਪਣੇ ਮਾਪਿਆਂ ਸਮੇਤ ਲੰਡਨ ਵਿੱਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕਰਨ ਲਈ ਪੁੱਜੇ। ਇਸ ਮੌਕੇ ਉਨ੍ਹਾਂ ਦੇ ਨਾਲ ਯੂਕੇ ਅਧਾਰਤ ਸਿੱਖ ਡਿਫੈਂਸ ਨੈਟਵਰਕ ਦੇ ਚੇਅਰਮੈਨ ਸ. ਪ੍ਰਿਤਪਾਲ ਸਿੰਘ ਵੀ ਹਾਜ਼ਰ ਰਹੇ। ਮੁਲਾਕਾਤ ਦੌਰਾਨ ਜਥੇਦਾਰ ਗੜਗੱਜ ਨੇ ਸ.ਅਰਸ਼ਦੀਪ ਸਿੰਘ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਅਗਾਂਹ ਵੀ ਚੜ੍ਹਦੀ ਕਲਾ ਨਾਲ ਸੇਵਾਵਾਂ ਕਰਨ ਤੇ ਸਿੱਖੀ ਪਛਾਣ ਨੂੰ ਹੋਰ ਵੀ ਵੱਡੇ ਪੱਧਰ 'ਤੇ ਉਭਾਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਜਥੇਦਾਰ ਗੜਗੱਜ ਨੇ ਸ. ਪ੍ਰਿਤਪਾਲ ਸਿੰਘ ਅਤੇ ਸ. ਅਰਸ਼ਦੀਪ ਸਿੰਘ ਨਾਲ ਯੂਕੇ ਦੀਆਂ ਫੌਜੀ ਸੇਵਾਵਾਂ ਅੰਦਰ ਸਿੱਖਾਂ ਦੀ ਸ਼ਮੂਲੀਅਤ ਅਤੇ ਉਨ੍ਹਾਂ ਨੂੰ ਆਉਂਦੀਆਂ ਮੁਸ਼ਕਲਾਂ ਬਾਰੇ ਵਿਚਾਰ ਕੀਤੇ। ਉਨ੍ਹਾਂ ਕਿਹਾ ਕਿ ਸਿੱਖ ਡਿਫੈਂਸ ਨੈਟਵਰਕ ਨੂੰ ਇਸ ਗੱਲ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ ਕਿ ਯੂਕੇ 'ਚ ਵੱਸਣ ਵਾਲੇ ਸਿੱਖ ਸਾਡੇ ਬਜ਼ੁਰਗਾਂ ਵੱਲੋਂ ਪਾਏ ਪੂਰਨਿਆਂ 'ਤੇ ਚੱਲਦਿਆਂ ਫੌਜੀ ਸੇਵਾਵਾਂ ਵਿੱਚ ਜ਼ਰੂਰੀ ਸ਼ਾਮਲ ਹੋਣ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸ. ਅਰਸ਼ਦੀਪ ਸਿੰਘ ਨੂੰ ਆਪਣੀ ਸਾਬਤ ਸੂਰਤ ਸਿੱਖ ਪਛਾਣ ਕਾਇਮ ਕਰਨ ਲਈ ਪ੍ਰੇਰਿਤ ਕੀਤਾ। ਸ. ਅਰਸ਼ਦੀਪ ਸਿੰਘ ਨੇ ਕਿਹਾ ਕਿ ਉਹ ਸਿੱਖੀ ਕਦਰਾਂ ਕੀਮਤਾਂ ਅਤੇ ਸਿਧਾਂਤਾਂ ਨੂੰ ਹੋਰ ਵੀ ਡੂੰਘਾਈ ਨਾਲ ਸਮਝਣ ਤੇ ਅਪਣਾਉਣ ਦੀ ਇੱਛਾ ਰੱਖਦੇ ਹਨ, ਪਰੰਤੂ ਫਾਈਟਨ ਲੈਫਟੀਨੈਂਟ ਵਜੋਂ ਸੇਵਾਵਾਂ ਕਰਨ ਲਈ ਸਿੱਖਾਂ ਨੂੰ ਵੀ ਜੈੱਟ ਉਡਾਉਣ ਦੇ ਓਪਰੇਸ਼ਨ ਸਮੇਂ ਦਾੜ੍ਹੀ ਦੇ ਕੇਸ ਕਤਲ ਕਰਨੇ ਪੈਂਦੇ ਹਨ ਜੋ ਕਿ ਰਾਇਲ ਏਅਰ ਫੋਰਸ ਦੀਆਂ ਤਕਨੀਕੀ ਸ਼ਰਤਾਂ ਦਾ ਹਿੱਸਾ ਹੈ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸ. ਪ੍ਰਿਤਪਾਲ ਸਿੰਘ ਨੂੰ ਇਸ ਮਾਮਲੇ ਸਬੰਧੀ ਯੂਕੇ ਫੌਜ ਅਤੇ ਏਅਰ ਫੋਰਸ ਦੇ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਸਿੱਖੀ ਅੰਦਰ ਕੇਸਾਂ ਦੀ ਮਹੱਤਤਾ ਅਤੇ ਸਿੱਖ ਪਛਾਣ ਬਾਰੇ ਵਧੇਰੀ ਜਾਗਰੂਕਤਾ ਅਤੇ ਜਾਣਕਾਰੀ ਮੁਹੱਈਆ ਕਰਵਾਉਣ ਲਈ ਆਖਿਆ। ਜਥੇਦਾਰ ਗੜਗੱਜ ਨੇ ਭਾਰਤੀ ਏਅਰ ਫੋਰਸ ਦੇ ਮਾਰਸ਼ਲ ਤੇ ਤੀਜੇ ਮੁੱਖੀ ਸ. ਅਰਜਨ ਸਿੰਘ ਦੀ ਉਦਾਹਰਨ ਦਿੰਦਿਆਂ ਸ. ਅਰਸ਼ਦੀਪ ਸਿੰਘ ਨੂੰ ਪ੍ਰੇਰਨਾ ਕੀਤੀ ਕਿ ਉਨ੍ਹਾਂ ਨੇ ਵੀ ਸਾਬਤ ਸੂਰਤ ਕੇਸ ਰੱਖਦਿਆਂ ਸੈਂਕੜੇ ਫਲਾਈਟ ਓਪਰੇਸ਼ਨਾਂ ਨੂੰ ਸਫਲਤਾਪੂਰਵਕ ਮੁਕੰਮਲ ਕੀਤਾ ਅਤੇ ਦਾੜ੍ਹੀ ਦੇ ਕੇਸ ਕਿਸੇ ਤਰ੍ਹਾਂ ਵੀ ਫਲਾਈਟ ਓਪਰੇਸ਼ਨ ਵਿੱਚ ਵਿਘਨ ਨਹੀਂ ਬਣਦੇ। ਉਨ੍ਹਾਂ ਯੂਕੇ ਦੇ ਸਿੱਖ ਡਿਫੈਂਸ ਨੈਟਵਰਕ ਨੂੰ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਹੱਲ ਕਰਨ ਲਈ ਆਖਿਆ। ਉਨ੍ਹਾਂ ਕਿਹਾ ਸਿੱਖਾਂ ਨੇ ਸਾਬਤ ਸੂਰਤ ਪਛਾਣ ਨੂੰ ਕਾਇਮ ਰੱਖਦਿਆਂ ਵਿਸ਼ਵ ਯੁੱਧਾਂ ਅਤੇ ਹੋਰ ਵੀ ਕਈ ਜੰਗਾਂ ਅੰਦਰ ਸਫਲ ਸੇਵਾਵਾਂ ਨਿਭਾਈਆਂ ਹਨ ਅਤੇ ਏਅਰ ਫੋਰਸ ਦੀਆਂ ਓਪਰੇਸ਼ਨ ਸੇਵਾਵਾਂ ਲਈ ਕੇਸ ਕਤਲ ਕਰਨ ਦੀ ਸ਼ਰਤ ਗ਼ੈਰ-ਵਾਜਬ ਹੈ। ਸ. ਅਰਸ਼ਦੀਪ ਸਿੰਘ ਅਤੇ ਸ. ਪ੍ਰਿਤਪਾਲ ਸਿੰਘ ਵੱਲੋਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੂੰ ਬ੍ਰਿਟਿਸ਼ ਫੌਜ ਅੰਦਰ ਸਿੱਖਾਂ ਤੇ ਹੋਰ ਭਾਰਤੀ ਅਫਸਰਾਂ ਨਾਲ ਸਬੰਧਤ ਦੋ ਯਾਦਗਾਰੀ ਤਸਵੀਰਾਂ ਭੇਟ ਕੀਤੀਆਂ ਗਈਆਂ। ਸਿੱਖ ਡਿਫੈਂਸ ਨੈਟਵਰਕ ਵੱਲੋਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੂੰ ਯੂਕੇ ਵਿੱਚ ਯਾਦਗਾਰੀ ਦਿਵਸ (Remembrance Day - 8 ਨਵੰਬਰ), ਜਿਸ ਤਹਿਤ ਹਰ ਸਾਲ ਪਿਛਲੇ ਯੁੱਧਾਂ ਵਿੱਚ ਬਹਾਦਰੀ ਨਾਲ ਲੜਨ ਵਾਲੇ ਲੋਕਾਂ ਦੇ ਯਤਨਾਂ, ਪ੍ਰਾਪਤੀਆਂ ਅਤੇ ਸ਼ਹੀਦੀਆਂ ਨੂੰ ਸਨਮਾਨ ਦਿੱਤਾ ਜਾਂਦਾ ਹੈ, ਦੇ ਚੱਲਦੇ ਦਿਹਾੜਿਆਂ ਦੇ ਮੱਦੇਨਜ਼ਰ ਵਿਸ਼ੇਸ਼ ਰੂਪ 'ਚ ਤਿਆਰ ਕਰਵਾਇਆ ਗਿਆ ਚਿੰਨ੍ਹ (ਖੰਡੇ ਉੱਤੇ ਖਸਖਸ ਦਾ ਫੁੱਲ) ਦਿੱਤਾ ਗਿਆ। ਨੈਟਵਰਕ ਵੱਲੋਂ ਜਥੇਦਾਰ ਗੜਗੱਜ ਨੂੰ ਸਿੱਖ ਫੌਜੀਆਂ ਲਈ ਤਿਆਰ ਕੀਤਾ ਵਿਸ਼ੇਸ਼ ਗੁਟਕਾ ਸਾਹਿਬ ਵੀ ਭੇਟ ਕੀਤਾ ਗਿਆ। ਉਪਰੰਤ ਫਲਾਈਟ ਲੈਫਟੀਨੈਂਟ ਸ.ਅਰਸ਼ਦੀਪ ਸਿੰਘ ਨੂੰ ਉਨ੍ਹਾਂ ਦੀ ਪ੍ਰਾਪਤੀ ਲਈ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ, ਸਿਰੋਪਾਓ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਮੀਡੀਆ ਸਲਾਹਕਾਰ ਸ. ਜਸਕਰਨ ਸਿੰਘ ਨੇ ਦਿੱਤਾ। ਯੂਨਾਈਟਿਡ ਕਿੰਗਡਮ (ਯੂਕੇ) ਵਿੱਚ ਮਨਾਇਆ ਜਾਂਦਾ ਯਾਦਗਾਰੀ ਦਿਵਸ ਪਿਛਲੇ ਯੁੱਧਾਂ ਵਿੱਚ ਬਹਾਦਰੀ ਨਾਲ ਲੜਨ ਵਾਲੇ ਲੋਕਾਂ ਦੇ ਯਤਨਾਂ, ਪ੍ਰਾਪਤੀਆਂ ਅਤੇ ਕੁਰਬਾਨੀਆਂ ਨੂੰ ਸਨਮਾਨ ਦੇਣ ਲਈ ਮਨਾਇਆ ਜਾਂਦਾ ਹੈ। ਇਸ ਦਾ ਮੁੱਖ ਸਮਾਗਮ ਨਵੰਬਰ ਮਹੀਨੇ ਦੇ ਦੂਜੇ ਐਤਵਾਰ ਨੂੰ ਹੁੰਦਾ ਹੈ, ਜਦਕਿ 11 ਨਵੰਬਰ ਨੂੰ ਵੀ ਦੋ ਮਿੰਟ ਦਾ ਮੌਨ ਧਾਰ ਕੇ ਸ਼ਹੀਦਾਂ ਅਤੇ ਜੰਗਾਂ ਵਿੱਚ ਕੁਰਬਾਨੀਆਂ ਦੇਣ ਵਾਲਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਂਦੀ ਹੈ।

**ਰਾਇਲ ਏਅਰ ਫੋਰਸ 'ਚ ਸੇਵਾਵਾਂ ਨਿਭਾਉਣ ਵਾਲੇ ਦੋ ਸਿੱਖ ਜਵਾਨਾਂ ਨੂੰ ਕੀਤਾ ਗਿਆ ਸਨਮਾਨਿਤ**

**ਇੱਕ ਹੋਰ ਸਿੱਖ ਅਫਸਰ ਦਾ ਸਨਮਾਨ**

ਲੰਡਨ ਵਿਖੇ ਹੀ ਰਾਇਲ ਏਅਰ ਫੋਰਸ ਅੰਦਰ ਫਲਾਈਟ ਲੈਫਟੀਨੈਂਟ ਦੇ ਰੈਂਕ 'ਤੇ ਐਰੋਸਿਸਟਮਸ ਇੰਜੀਨੀਅਰਿੰਗ ਅਫਸਰ ਵਜੋਂ ਸੇਵਾਵਾਂ ਨਿਭਾਅ ਰਹੇ ਸਾਬਤ ਸੂਰਤ ਸਿੱਖ ਅਫਸਰ ਸ. ਜਸਪਾਲ ਸਿੰਘ ਸਿੱਧੂ ਨੇ ਵੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਮੁਲਾਕਾਤ ਕੀਤੀ ਅਤੇ ਦੋਵਾਂ ਨੇ ਫੌਜ ਅੰਦਰ ਸਿੱਖਾਂ ਦੀ ਸ਼ਮੂਲੀਅਤ ਅਤੇ ਸਿੱਖੀ ਪ੍ਰਚਾਰ ਨਾਲ ਸਬੰਧਤ ਕਈ ਅਹਿਮ ਪੱਖਾਂ 'ਤੇ ਵਿਚਾਰ ਚਰਚਾ ਕੀਤੀ। ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਫਲਾਈਟ ਲੈਫਟੀਨੈਂਟ ਸ. ਜਸਪਾਲ ਸਿੰਘ ਸਿੱਧੂ ਨੂੰ ਉਨ੍ਹਾਂ ਦੀ ਪ੍ਰਾਪਤੀ ਲਈ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।ਜਥੇਦਾਰ ਗੜਗੱਜ ਨੇ ਕਿਹਾ ਕਿ ਰਾਇਲ ਏਅਰ ਫੋਰਸ ਦੇ ਦੋਵੇਂ ਸਿੱਖ ਨੌਜਵਾਨ ਸ. ਜਸਪਾਲ ਸਿੰਘ ਸਿੱਧੂ ਅਤੇ ਸ. ਅਰਸ਼ਦੀਪ ਸਿੰਘ ਵਿਸ਼ਵ ਪੱਧਰ 'ਤੇ ਸਿੱਖ ਨੌਜਵਾਨਾਂ ਲਈ ਪ੍ਰੇਰਣਾ ਸਰੋਤ ਹਨ ਅਤੇ ਨੌਜਵਾਨਾਂ ਨੂੰ ਇਨ੍ਹਾਂ ਵਾਂਗ ਹੀ ਉੱਚ ਸਿੱਖਿਆ ਹਾਸਲ ਕਰਕੇ ਵੱਖ-ਵੱਖ ਖੇਤਰਾਂ 'ਚ ਉੱਚ ਅਹੁਦਿਆਂ 'ਤੇ ਪਹੁੰਚਣ ਲਈ ਮਿਹਨਤ ਕਰਨੀ ਚਾਹੀਦੀ ਹੈ ਜਿਸ ਨਾਲ ਸਮੁੱਚੇ ਗੁਰੂ ਖ਼ਾਲਸਾ ਪੰਥ ਦਾ ਸਿਰ ਮਾਣ ਨਾਲ ਉੱਚਾ ਹੁੰਦਾ ਹੈ। ਇਸ ਮੌਕੇ ਸ. ਅਰਸ਼ਦੀਪ ਸਿੰਘ ਦੇ ਮਾਪੇ ਸ. ਜਗਦੀਪ ਸਿੰਘ ਅਤੇ ਗਗਨਦੀਪ ਕੌਰ, ਭਰਾ ਅਗਮਦੀਪ ਸਿੰਘ, ਮੀਡੀਆ ਸਲਾਹਕਾਰ ਸ. ਜਸਕਰਨ ਸਿੰਘ, ਸ. ਸੁਖਦੀਪ ਸਿੰਘ ਰੰਧਾਵਾ ਅਤੇ ਸ. ਅਜੀਤ ਸਿੰਘ ਰੰਧਾਵਾ ਹਾਜ਼ਰ ਸਨ।

# ਮੋਗਾ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੇ ਫਲੈਟਾਂ ਤੇ ਈਡੀ ਦੀ ਰੇਡ



ਮੋਗਾ/ 04 ਨਵੰਬਰ ਆਵਾਜਿ ਕੌਮ ਬਿਉਰੋ ਰਿਪੋਰਟ (ਰਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)- ਅੱਜ ਬੁਧਵਾਰ ਸਵੇਰੇ 7 ਵਜੇ ਸਮਾਚਾਰ ਪ੍ਰਪਤ ਹੋਇਆ ਕਿ ਕੇਂਦਰੀ ਏਜੰਸੀ ਐਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਦੇ ਉੱਚ ਅਧਿਕਾਰੀ ਆਪਣੇ ਦਸਤੇ ਨਾਲ ਮੋਗਾ ਦੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੀ ਰਿਹਾਇਸ਼ 'ਤੇ ਪਹੁੰਚੇ ਹਨ। ਅਧਿਕਾਰੀਆਂ ਨੇ ਤੁਰੰਤ ਕਾਰਵਾਈ ਕਰਦਿਆਂ ਸਭ ਕੁੱਝ ਆਪਣੇ ਘੇਰੇ ਵਿੱਚ ਲੈ ਲਿਆ ਅਤੇ ਸੁਰੱਖਿਆ ਦੇ ਪੁਖ਼ਤਾ ਇੰਤਜ਼ਾਮ ਕਰਦਿਆਂ ਪੜਤਾਲ ਸ਼ੁਰੂ ਕਰ ਦਿੱਤੀ। ਈ.ਡੀ. ਵੱਲੋਂ ਮੋਗਾ ਸਥਿਤ ਘਰ ਦੇ ਸਾਰੇ ਆਉਣ-ਜਾਣ ਵਾਲੇ ਲਾਂਘਿਆਂ 'ਤੇ ਪਹਿਰਾ ਲਗਾ ਦਿੱਤਾ ਤਾਂ ਜੋ ਜਾਂਚ ਦੀ ਪ੍ਰਕਿਰਿਆ ਵਿੱਚ ਵਿਘਨ ਨਾ ਪਵੇ। ਸੂਤਰਾਂ ਅਨੁਸਾਰ ਛਾਪੇਮਾਰੀ ਦੌਰਾਨ ਘਰ ਦੇ ਅੰਦਰ ਮੌਜੂਦ ਸਾਰੇ ਵਿਅਕਤੀਆਂ ਦੇ ਫੋਨ ਅਤੇ ਬਿਜਲਈ ਉਪਕਰਨ ਏਜੰਸੀ ਨੇ ਆਪਣੀ ਨਿਗਰਾਨੀ ਹੇਠ ਲੈ ਲਏ ਗਏ। ਰਿਹਾਇਸ਼ ਅੰਦਰ ਦਸਤਾਵੇਜ਼ਾਂ, ਵਿੱਤੀ ਲੈਣ-ਦੇਣ ਅਤੇ ਸੰਪਤੀ ਨਾਲ ਸਬੰਧਤ ਕਾਗਜ਼ਾਤ ਦੀ ਬਾਰੀਕੀ ਨਾਲ ਤਲਾਸ਼ੀ ਲਈ ਜਾ ਰਹੀ ਹੈ। ਇਹ ਖਬਰ ਸੁਣਦੇ ਸਾਰ ਸਾਰੇ ਮੋਗਾ ਇਲਾਕੇ ਵਿੱਚ ਹਲਚਲ ਮਚ ਗਈ। ਇਸ ਅਚਾਨਕ ਹੋਈ ਕਾਰਵਾਈ ਨਾਲ ਇਲਾਕੇ ਵਿੱਚ ਵੱਡੀ ਗਿਣਤੀ ਵਿੱਚ ਪਾਰਟੀ ਸਮਰਥਕ ਅਤੇ ਸਬੰਧਤ ਵਿਅਕਤੀ ਇਕੱਠੇ ਹੋਣੇ ਸ਼ੁਰੂ ਹੋ ਗਏ ਹਨ। ਸਮਰਥਕਾਂ ਨੇ ਮੋਦੀ ਸਰਕਾਰ ਮੁਰਦਾਬਾਦ ਦੇ ਨਾਅਰੇ ਲਗਾਏ। ਘਰ ਦੇ ਬਾਹਰ ਕੇਂਦਰੀ ਹਥਿਆਰਬੰਦ ਬਲਾਂ ਦੇ ਜਵਾਨਾਂ ਦੀ ਤੈਨਾਤੀ ਕੀਤੀ ਗਈ ਹੈ ਤਾਂ ਜੋ ਕਾਨੂੰਨ-ਵਿਵਸਥਾ ਬਣੀ ਰਹੇ ਅਤੇ ਕਿਸੇ ਵੀ ਬਾਹਰੀ ਵਿਅਕਤੀ ਨੂੰ ਅੰਦਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਰਹੀ ਹੈ। ਖ਼ਬਰ ਪ੍ਰਕਾਸਿਤ ਹੋਣ ਤੱਕ ਈ.ਡੀ. ਦੀਆਂ ਟੀਮਾਂ ਵੱਲੋਂ ਵਿਧਾਇਕਾ ਦੇ ਘਰ ਅੰਦਰ ਜਾਂਚ-ਪੜਤਾਲ ਅਤੇ ਪੁੱਛ ਗਿੱਛ ਜਾਰੀ ਹੈ ਅਤੇ ਇਸ ਮਾਮਲੇ ਨਾਲ ਸਬੰਧਤ ਈ.ਡੀ. ਜਾਂ ਕਿਸੇ ਵੀ ਹੋਰ ਵਿਅਕਤੀ ਵੱਲੋਂ ਅਜੇ ਤੱਕ ਹੋਰ ਕੋਈ ਨਵੀਂ ਜਾਣਕਾਰੀ ਨਹੀਂ ਦਿੱਤੀ ਗਈ ਹੈ।



ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਇਹ ਲੋਕ ਕਈ ਸਾਲ ਆਗੂ ਤੇ ਪ੍ਰਬੰਧਕ ਰਹਿ ਕੇ ਉਪਰੰਤ

# ਆਪਣੇ ਪ੍ਰਾਈਵੇਟ ਗੁਰਦੁਆਰੇ ਕਿਉਂ ਬਣਾ ਰਹੇ ਹਨ ?



ਪਰਮਿੰਦਰ ਸਿੰਘ ਬੱਲ
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

ਅਹਿਮ ਮਸਲਾ ਹੈ ਪ੍ਰਾਈਵੇਟ ਗੁਰਦੁਆਰਿਆਂ ਦਾ ਹੈ । ਕੀ ਜੁਮੇਵਾਰ ਵਿਅਕਤੀ ਇਖਲਾਕਨ ਤੌਰ ਤੇ ਹਾਰ ਕੇ ਇਹ ਕਦਮ ਉਠਾਉਂਦੇ ਹਨ , ਜਾਂ ਮੰਨ ਵਿੱਚ ਪੈਂਦਾ ਹੋਏ ਹੰਕਾਰ ਤੇ ਚੌਧਰ ਦੀ ਬਿਮਾਰੀ ਹੀ ਜੜ ਅਜਿਹਾ ਕਾਰਨ ਹੈ । ਕਾਰਨ ਕੋਈ ਵੀ ਹੋਵੇ , ਐਸੇ ਵਿਅਕਤੀ ਅਥਵਾ ਆਗੂ , ਜੋ ਕਿ ਬੜਾ ਸਮਾਂ ਸਾਲਾਂ ਬੱਧੀ , ਗੁਰੂ ਦੀ ਸੰਗਤ ਵਿੱਚ ਸਾਂਝੇ ਤੌਰ ਤੇ ਵਿਚਰ ਕੇ ਅੱਜ ਅਜਿਹਾ ਫ਼ੈਸਲਾ ਕਿਉਂ ਲੈਂਦੇ ਹਨ । ਇਹ ਬਿਲਕੁਲ ਗਲਤ ਸੋਚ ਤੇ ਅਯੋਗਤਾ ਹੈ । ਜਿਸ ਯੋਗਤਾ ਨੂੰ ਉਹ ਸਰਬੱਤ ਦੇ ਭਲੇ ਲਈ ਬਚਨ ਬੱਧ ਹੋ ਕੇ ਰਹਿਣ ਦੀ ਗੁਹਾਰ ਦਿੰਦੇ ਰਹੇ ਸਨ । ਇਕ ਸੰਗਤ ਦੇ ਚੁਗਿਰਦੇ ਨੂੰ ਛੱਡ ਕੇ ਆਪਣਾ ਖੁਦ ਦਾ ਦੁਆਲਾ ਘੜ ਕੇ ਬੈਠਣਾ ਕੋਈ ਜਨਤਕ ਸੇਵਾ ਤੇ ਪਹਿਰੇ ਦੀ ਵੀ ਗੱਲ ਨਹੀਂ ਹੈ । ਮੈਂ ਖਾਸ ਕਰ ਕਈ ਪੁਰਾਣੇ ਸਾਥੀ ਆਗੂਆਂ ਬਾਰੇ ਗੱਲ ਕਰ ਰਿਹਾ ਹਾਂ, ਜਿੰਨਾਂ ਸਿੱਖ ਸੰਗਰਸ਼ ਵਿਚ ਇਕ ਵਿਚਾਰਧਾਰਾ ਦੀ ਸਾਂਝ ਵਿਚ ਮੱਲਾਂ ਮਾਰੀਆਂ ਦੱਸਦੇ ਹਨ ਤੇ ਹੁਣ ਇਕ ਜਾਤੀ ਅਦਾਰੇ ਦੇ ਰੂਪ ਵਿਚ ਸੁੰਘੜ ਕੇ ਬੈਠ ਗਏ ਕੇ ਆਪਣਾ ਪੱਖੀ ਗੁਰਦੁਆਰਾ ਦੱਸਣ ਲੱਗ ਪਏ ਹਨ । ਕੀ ਕੋਈ ਤੀਹ ਸਾਲ ਤੀਕਰ ਪ੍ਰਬੰਧਕ ਤੇ ਸੰਸਥਾਈ ਆਗੂ ਰਹਿ ਕੇ , ਉਹਨਾਂ ਵਿਸ਼ਾਲ ਅਦਾਰਿਆਂ ਨਾਲ ਕੋਈ ਪ੍ਰੇਮ ਭਾਵਨਾ ਨਹੀਂ ਬਣ ਸਕੀ ? ਪ੍ਰਬੰਧ ਤਬਦੀਲੀ ਹੋਣੀ ਜਾਂ ਖੁਸ ਜਾਣ ਤੇ ਸੰਗਤ ਵਿਚ ਬੈਠ ਕੇ ਕਥਾ , ਕੀਰਤਨ ਸੁਣਨ ਤੋਂ ਕਿਉਂ ਅਸਮਰੱਥ ਹੋ ਗਏ ! ਜਿੱਥੇ ਤੁਹਾਡੇ ਵਾਅਦਿਆਂ ਦੇ ਬਚਨ ਹੁੰਦੇ ਸਨ ? ਜਾਂ ਕੋਈ ਹੋਰ ਇਸ ਪਿੱਛੇ ਜਾਤੀ ਲਾਭ ਦੀ ਇੱਛਾ ਬਣੀ ਰਹੀ ਸੀ , ਜੋ ਹੁਣ ਸਾਹਮਣੇ ਆਈ ਹੈ । ਪ੍ਰਬੰਧਕ ਅਸੀਂ ਵੀ ਰਹੇ , ਖਾਸ ਤੌਰ ਤੇ 1985 ਤੋਂ 1990 ਤੱਕ ਸਿੰਘ ਸਭਾ ਸਾਊਥਾਲ ਵਿਚ । ਅੱਜ ਸਾਨੂੰ ਪ੍ਰਬੰਧ ਛੱਡਿਆਂ ਨੂੰ ਵੀ 35 ਸਾਲ ਤੋਂ ਉੱਪਰ ਸਮਾਂ ਬੀਤ ਗਿਆ , ਉਸੇ ਤਰਾਂ ਗੁਰੂ ਆਸਰੇ ਸੰਗਤ ਵਿਚ ਵਿਚਰਨ ਦਾ ਢੰਗ ਤੇ ਇਰਾਦਾ ਰਿਹਾ ਹੈ । ਸਗੋਂ ਸਿੰਘ ਸਭਾ ਪ੍ਰਤੀ ਗੁਰੂ ਨੇ ਸਾਡੇ ਮਨਾਂ ਵਿਚ ਜਿਆਦਾ ਪਿਆਰ , ਸਤਿਕਾਰ ਤੇ ਵਫ਼ਾਦਾਰੀ ਸਿਖਾਈ ਹੈ । ਸਾਡੇ ਮੰਨ ਵਿਚ ਕਦੇ ਇਸ ਤਰਾਂ ਦੀ ਪੁੱਠੀ ਸੋਚ ਨਹੀਂ ਉਪਜੀ ਕਿ , ਵੱਖਰੇ ਅਦਾਰੇ ਦਾ ਢੌਂਗ ਰਚ ਕੇ ਹਉਮੇ ਦੀ ਚੌਧਰ ਨੂੰ ਪੱਠੇ ਪਾਈਏ । ਸਾਡੇ ਵਿਚਾਰਾਂ ਵਿਚ ਅਜਿਹਾ ਕਰਨਾ ਜਨਤਕ ਤੌਰ , ਲੋਕਲ ਤੇ ਨੈਸ਼ਨਲ ਸਿਖ ਸੰਗਤ ਤੇ ਸਮੁੱਚੇ ਖ਼ਾਲਸਾ ਪੰਥ ਨਾਲ ਧੋਖਾ ਤੇ ਵਿਸ਼ਵਾਸ ਘਾਤ ਹੈ । ਸਿਖ ਸੰਗਰਸ਼ ਦੀਆਂ ਲਗਾਤਾਰ ਸਾਲਾਂ ਬੱਧੀ , ਕੌਮ ਦੇ ਦੁਖਾਂਤਾਂ ਦੀਆਂ ਬਾਤਾਂ ਕਰਨੀਆਂ , ਚੋਖੇ ਚੋਖੇ ਫੰਡਾਂ ਦੀਆਂ ਉਗਰਾਹੀਆਂ ਕਰਨੀਆਂ, ਪ੍ਰਬੰਧ ਉਤੇ ਕੁਟਲ ਨੀਤੀ ਨਾਲ ਕਬਜ਼ੇ ਰੱਖਣੇ । ਜੇ ਪ੍ਰਬੰਧ ਖੁੱਸ ਗਿਆ , ਤੁਰੰਤ ਉਸੇ ਸੰਗਤ ਨੂੰ ਪਿੱਠ ਦੇ ਕੇ , ਆਪਣਾ ਡੇਰਾ , ਗੁਰਦੁਆਰੇ ਦਾ ਨਾਮ ਦੱਸ ਕੇ ਬਣਾ ਲੈਣਾ । ਕੌਮੀ ਨਿਸ਼ਾਨਾਂ, ਕੌਮੀ ਵਿਰਾਸਤ ਤੇ ਧਰਮ ਨੂੰ ਆਪਣੇ ਮਨੋਰਥ ਲਈ ਵਰਤਣਾ ਅਪਰਾਧ , ਗੁਨਾਹ , ਡੇਰੇਦਾਰੀ , ਸਿਖ ਪੰਥ ਨੂੰ 'ਬੇਦਾਵਾ' ਦੇਣ ਦੇ ਬਰਾਬਰ ਹੈ । ਕਹਿਣ ਵਾਲੇ ਕਈ ਤਰਾਂ ਦੇ ਫੰਡਾਂ ਦੀ ਦੁਰਵਰਤੋਂ ਦੀਆਂ ਕਨਸੋਆਂ ਛੱਡਦੇ ਹਨ । ਮੈਂ ਇਸ ਤਰਾਂ ਦੀ ਉਂਗਲ ਨਹੀਂ ਕਿਸੇ ਤੇ ਧਰਦਾ । ਪਰ ਆਮ ਸਿੱਖ ਜਾਂ ਸਾਥੀਆਂ ਸਮੇਤ ਜੁਦੀ ਬਿਲਡਿੰਗ ਉਸਾਰਕੇ , ਮਹੰਤੀ ਦਾ ਰੂਪ , ਜਾਤੀ ਪ੍ਰਾਪਰਟੀ ਜਾਂ ਜ਼ਮੀਨ ਦੀ ਖਰੀਦ , ਬੜੇ ਵੱਡੇ ਸਵਾਲ ਪੈਦਾ ਕਰ ਦਿੰਦੀ ਹੈ । ਵੈਸੇ ਵੀ ਕੌਮ ਵਿੱਚ ਜਦ ਕੁਝ ਨਾਮਧਰੀਕ ਆਗੂਆਂ ਦੀ ਸੋਚ , ਦੂਜਿਆਂ ਨੂੰ ਨੀਵਾਂ ਦਿਖਾਉਣ ਤੇ ਟੀਕੀ ਹੋਵੇ ਤਦ , ਅਕਲ ਦਾ ਪਾਸਾ ਇਸੇ ਤਰਾਂ ਕਮਅਕਲੀ ਹੀ ਪ੍ਰਤੱਖ ਹੋ ਨਿਕਲਦਾ ਹੈ । ਯੂ ਕੇ ਵਿਚ FSO ਸਿੱਖ ਸੰਸਥਾਵਾਂ ਦੀ ਸਾਂਝੀ ਸੰਸਥਾ ਸੀ । ਉਸ ਵਿੱਚ ਦੋਫਾੜ ਇਹਨਾਂ ਡੇਰੇਦਾਰਾਂ ਨੇ ਪਾਈ ਸੀ । ਕਾਵੈਂਟਰੀ ਵਿੱਚ 2012 ਸਮੇਂ ਮੀਟਿੰਗ ਵਿੱਚ ਮੇਰੀ ਸੰਸਥਾ ਨੂੰ ਬਾਹਰ ਕੱਢਣਾ ਚਾਹਿਆ, ਪਿੱਠ ਪਿੱਛੇ ਮਿਲੀ ਭੁਗਤ ਨਾਲ ਚੇਅਰਮੈਨ ਗਿੱਲ ਨੇ ਮੇਰੇ ਤੇ ਬੇਹੁਦਾ ਸਵਾਲ ਕੀਤਾ ਸੀ । ਜਿਸ ਦਾ ਉੱਤਰ ਦੇਣਾ ਮੇਰਾ ਫਰਜ ਨਹੀਂ ਸੀ , ਸਗੋਂ ਇਹ ਗੱਲ , ਭਾਈ ਦਲਜੀਤ ਸਿੰਘ ਬਿੱਟੂ ਦੇ ਅਧਿਕਾਰ ਖੇਤਰ ਵਿਚ ਸੀ । ਪਰ ਚੇਅਰਮੈਨ ਨੇ ਕਿਸੇ ਗੁਪਤ ਏਜੰਸੀ ਦੀ ਵਿਚਾਰਧਾਰਾ ਨੂੰ ਪੱਠੇ ਪਾਉਂਦਿਆ , ਆਪਣੀ ਜ਼ਿੱਦ ਜਾਰੀ ਰੱਖੀ । ਅਸੀਂ ਇਸ ਨੂੰ ਸੰਗੀਨ ਅਨੁਭਵ ਕਰਦੇ , ਉਸ ਦਿਨ ਤੋਂ ਕਿਨਾਰਾ ਕਰ ਗਏ ਤੇ ਅਲਵਿਦਾ ਆਖ ਦਿੱਤਾ । ਮੇਰਾ ਸਾਥੀ ਹਰਦਿਆਲ ਸਿੰਘ ਤੇ , ਬਾਕੀ ਸਾਰੇ ਪੰਥਕ ਆਗੂ , ਉੱਥੇ ਹਾਜ਼ਰ ਸਨ , ਬਾਕੀ ਰਹਿੰਦੀ ਗੱਲ ਉਹਨਾਂ ਤੋਂ ਲੋਕ ਪੁੱਛ ਸਕਦੇ ਹਨ । ਇਹ ਡੇਰੇਦਾਰੀ ਕੌਮ ਲਈ ਪਹਿਲਾਂ ਵੀ ਖ਼ਤਰਨਾਕ ਬਣੀ ਹੋਈ ਸੀ ਤੇ ਹੁਣ ਸਿੱਖਾਂ ਦੀ ਜਥੇਬੰਦਕ ਸੱਤਾ ਲਈ ਅਹਿਮ ਖਤਰਾ ਹਨ। ••

**ਸੂਚਨਾ**

ਇੰਗਲੈਂਡ ਦੇ ਗੁਰਦੁਆਰਿਆਂ ਦੇ ਪ੍ਰਬੰਧਕਾਂ ਅਤੇ ਸਿੱਖ ਪ੍ਰਚਾਰਕਾਂ ਦੇ ਆਪਸੀ ਮਾਮਲਿਆਂ ਬਾਰੇ ਜਾਂ ਹੋਰ ਮਸਲਿਆਂ ਬਾਰੇ ਅਖਬਾਰ ਨੂੰ ਕੋਈ ਵਿਅਕਤੀ ਆਪਣੇ ਵਿਚਾਰ ਛਾਪਣ ਲਈ ਭੇਜਦਾ ਹੈ ਤਾਂ ਉਹ ਭੇਜ ਸਕਦਾ ਹੈ ।ਉਹ ਵਿਚਾਰ ਉਸ ਵਿਅਕਤੀ ਜਾਂ ਸੰਸਥਾ ਦੇ ਆਪਣੇ ਹਨ ਉਹਨਾਂ ਵਿਚਾਰਾਂ ਨਾਲ ਅਦਾਰਾ ਆਵਾਜਿ ਕੌਮ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar

ਹਲਕਾ ਜਗਰਾਉਂ ਦੀ ਯੂਥ ਮਿਲਣੀ ਵਿੱਚ

# ਨੌਜਵਾਨਾਂ ਦੇ ਭਾਰੀ ਇਕੱਠ ਨਾਲ ਯੂਥ ਵਿੱਚ ਨਵਾਂ ਜੋਸ਼ ਭਰਿਆ




**ਜਗਰਾਉਂ, (ਵਰਿਆਮ ਹਠੂਰ)**-ਪਾਰਟੀ ਪ੍ਰਧਾਨ ਸ੍ਰ: ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅੱਜ ਹਲਕਾ ਜਗਰਾਉਂ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਅਤੇ ਕੋਰ ਕਮੇਟੀ ਮੈਂਬਰ ਸ੍ਰ: ਐਸ.ਆਰ. ਕਲੇਰ ਦੀ ਅਗਵਾਈ ਵਿੱਚ ਯੂਥ ਮਿਲਣੀ ਕਰਵਾਈ ਗਈ। ਇਸ ਮੌਕੇ ਨੌਜਵਾਨਾਂ ਦਾ ਠਾਠਾਂ ਮਾਰਦਾ ਇਕੱਠ ਦੇਖਣ ਨੂੰ ਮਿਲਿਆ। ਯੂਥ ਅਕਾਲੀ ਦਲ ਦੇ ਪੰਜਾਬ ਪ੍ਰਧਾਨ ਸ. ਸਰਬਜੀਤ ਸਿੰਘ ਝਿੰਜਰ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਨੌਜਵਾਨਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਪਾਰਟੀ ਦੀਆਂ ਨੀਤੀਆਂ ਤੋਂ ਜਾਣੂ ਕਰਵਾਉਂਦਿਆਂ ਪੰਜਾਬ ਦੀ ਰਾਜਨੀਤੀ ਵਿੱਚ ਨੌਜਵਾਨਾਂ ਦੀ ਅਹਿਮ ਭੂਮਿਕਾ ਬਾਰੇ ਪ੍ਰੇਰਿਤ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਸ. ਐਸ.ਆਰ. ਕਲੇਰ ਨੇ ਕਿਹਾ ਕਿ ਯੂਥ ਮਿਲਣੀ ਵਿੱਚ ਹੋਇਆ ਇਹ ਠਾਠਾਂ ਮਾਰਦਾ ਇਕੱਠ ਨੌਜਵਾਨ ਆਗੂ ਸੰਦੀਪ ਸਿੰਘ ਮੱਲ੍ਹਾ, ਹਲਕਾ ਯੂਥ ਪ੍ਰਧਾਨ ਜਸਪ੍ਰੀਤ ਸਿੰਘ ਚਕਰ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦਾ ਸ਼੍ਰੋਮਣੀ ਅਕਾਲੀ ਦਲ ਨਾਲ ਜੁੜਨਾ ਪਾਰਟੀ ਲਈ ਸ਼ੁਭ ਸੰਕੇਤ ਹੈ। ਪੰਜਾਬ ਦੀ ਤਰੱਕੀ, ਨੌਜਵਾਨਾਂ ਦੇ ਭਵਿੱਖ ਅਤੇ ਸੂਬੇ ਦੇ ਹੱਕਾਂ ਦੀ ਰਾਖੀ ਲਈ ਨੌਜਵਾਨਾਂ ਨੂੰ ਅੱਗੇ ਆ ਕੇ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।

ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਸਿਆਸੀ ਨਿਸ਼ਾਨੇ ਸਾਧਦਿਆਂ ਕਿਹਾ ਕਿ ਸਰਕਾਰ ਨੇ ਨੌਜਵਾਨਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ ਅਤੇ ਨੌਜਵਾਨ ਅੱਜ ਵੀ ਰੁਜ਼ਗਾਰ ਦੀ ਭਾਲ ਵਿੱਚ ਭਟਕ ਰਹੇ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੰਜਾਬ ਅਤੇ ਪੰਜਾਬ ਦੀ ਨੌਜਵਾਨੀ ਦੇ ਹੱਕਾਂ ਦੀ ਆਵਾਜ਼ ਬੁਲੰਦ ਕਰਦਾ ਆਇਆ ਹੈ। ਇਸ ਮੌਕੇ ਸ. ਕਲੇਰ ਨੇ ਸਮੁੱਚੀ ਅਕਾਲੀ ਲੀਡਰਸ਼ਿਪ ਦਾ ਵੀ ਧੰਨਵਾਦ ਕੀਤਾ, ਜਿਨ੍ਹਾਂ ਨੇ ਆਪੋ-ਆਪਣੇ ਸਰਕਲਾਂ ਵਿੱਚੋਂ ਵੱਡੇ ਕਾਫ਼ਲਿਆਂ ਸਮੇਤ ਪਹੁੰਚ ਕੇ ਯੂਥ ਮਿਲਣੀ ਨੂੰ ਸਫ਼ਲ ਬਣਾਇਆ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਨੌਜਵਾਨ ਆਗੂਆਂ ਅਤੇ ਵਰਕਰਾਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨੌਜਵਾਨ ਹੀ ਪਾਰਟੀ ਦੀ ਅਸਲ ਤਾਕਤ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਇਸ ਮੌਕੇ SGPC ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਜਿਲਾ ਪ੍ਰਧਾਨ ਚੰਦ ਸਿੰਘ ਡੱਲਾ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਜੱਟ ਗਰੇਵਾਲ, ਸਰਕਲ ਪ੍ਰਧਾਨ ਪਰਮਿੰਦਰ ਸਿੰਘ ਚੀਮਾ, ਸਰਕਲ ਪ੍ਰਧਾਨ ਰਣਧੀਰ ਸਿੰਘ ਚਕਰ, ਸਰਕਲ ਪ੍ਰਧਾਨ ਸ਼ਿਵਰਾਜ ਸਿੰਘ ਸਰਪੰਚ, ਸਰਕਲ ਪ੍ਰਧਾਨ ਸਰਪ੍ਰੀਤ ਸਿੰਘ ਕਾਉਂਕੇ, ਸਰਕਲ ਪ੍ਰਧਾਨ ਕੁਲਦੀਪ ਸਿੰਘ ਗਿੱਦੜਵਿੰਡੀ, ਸਰਕਲ ਪ੍ਰਧਾਨ ਮਨਦੀਪ ਸਿੰਘ ਗਾਲਿਬ, ਸਰਕਲ ਪ੍ਰਧਾਨ ਤਜਿੰਦਰ ਸਿੰਘ ਕੰਨੀਆਂ, ਸਰਕਲ ਪ੍ਰਧਾਨ ਚਰਨਜੀਤ ਸਿੰਘ ਜਗਰਾਓਂ, ਕੌਂਸਲਰ ਦਵਿੰਦਰਜੀਤ ਸਿੰਘ ਸਿੱਧੂ, ਗੁਰਫਤਿਹ ਸਿੰਘ ਗਰੇਵਾਲ ,ਐਸ ਸੀ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਣੂੰਕੇ, ਬੀ ਸੀ ਹਲਕਾ ਪ੍ਰਧਾਨ ਪਰਮਿੰਦਰ ਸਿੰਘ ਕੰਬੋ ਹਠੂਰ, ਯੂਥ ਹਲਕਾ ਪ੍ਰਧਾਨ ਜਸਪ੍ਰੀਤ ਸਿੰਘ (ਲੱਖਾ) ਚਕਰ, ਆਈ ਟੀ ਵਿੰਗ ਹਲਕਾ ਪ੍ਰਧਾਨ ਸੁਖਦੇਵ ਸਿੰਘ ਜੱਗਾ ਸੇਖੋਂ, ਆਈ ਟੀ ਵਿੰਗ ਹਲਕਾ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਬੱਸੂਵਾਲ, ਵਿਪਾਰੀ ਵਿੰਗ ਹਲਕਾ ਪ੍ਰਧਾਨ ਹਰਦੇਵ ਸਿੰਘ ਬੌਬੀ, ਜਤਿੰਦਰ ਸਿੰਘ ਸਿੱਧਵਾਂ ਖੁਰਦ, ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ, ਨੰਬਰਦਾਰ ਜਸਵੀਰ ਸਿੰਘ ਦੇਹੜਕਾ, ਪ੍ਰਧਾਨ ਬੂਟਾ ਸਿੰਘ ਭੰਮੀਪੁਰਾ, ਨੇ ਕਿਹਾ ਕਿ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਜੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅੱਜ ਹਲਕਾ ਜਗਰਾਉਂ ਵਿਖੇ ਹਲਕਾ ਇੰਚਾਰਜ ਸ਼੍ਰੀ ਐਸ.ਆਰ.ਕਲੇਰ ਜੀ ਦੀ ਅਗਵਾਈ ਵਿੱਚ ਹੋਈ ਯੂਥ ਮਿਲਣੀ ਦੌਰਾਨ ਨੌਜਵਾਨਾਂ ਦਾ ਭਾਰੀ ਇਕੱਠ ਦੇਖਣ ਨੂੰ ਮਿਲਿਆ। ਨੌਜਵਾਨਾਂ ਦਾ ਇਹ ਉਤਸ਼ਾਹ ਸ਼੍ਰੋਮਣੀ ਅਕਾਲੀ ਦਲ ਪ੍ਰਤੀ ਉਨ੍ਹਾਂ ਦੇ ਵਿਸ਼ਵਾਸ ਅਤੇ ਪੰਜਾਬ ਪ੍ਰਤੀ ਜਜ਼ਬੇ ਦਾ ਪ੍ਰਤੀਕ ਹੈ। ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਨੌਜਵਾਨਾਂ ਦੇ ਹੱਕਾਂ, ਸੁਨਹਿਰੀ ਭਵਿੱਖ ਅਤੇ ਬਿਹਤਰ ਪੰਜਾਬ ਲਈ ਵਚਨਬੱਧ ਰਿਹਾ ਹੈ ਅਤੇ ਅੱਗੇ ਵੀ ਹਰ ਕਦਮ 'ਤੇ ਨੌਜਵਾਨਾਂ ਦੇ ਨਾਲ ਡਟ ਕੇ ਖੜ੍ਹਾ ਰਹੇਗਾ। ਇਸ ਮੌਕੇ ਰਖਵਿੰਦਰ ਸਿੰਘ ਗਾਬੜੀਆ, ਪ੍ਰਭਜੋਤ ਸਿੰਘ ਧਾਲੀਵਾਲ ਮੁੱਖ ਬੁਲਾਰਾ ਪੰਜਾਬ ਯੂਥ ਅਕਾਲੀ ਦਲ, ਜਸਪ੍ਰੀਤ ਸਿੰਘ ਯੂਥ ਅਕਾਲੀ ਦਲ ਪ੍ਰਧਾਨ ਜਗਰਾਓ, ਸੰਦੀਪ ਸਿੰਘ ਮੱਲ੍ਹਾ ਸੀਨੀਅਰ ਯੂਥ ਆਗੂ, ਅਕਾਸ਼ਦੀਪ ਸਿੰਘ ਭੱਠਲ ਕੋਰ ਕਮੇਟੀ ਮੈਂਬਰ, ਸੁੱਖਪ੍ਰੀਤ ਸਿੰਘ ਕੈਹਲੇ ਯੂਥ ਅਕਾਲੀ ਦਲ ਸ਼ਹਿਰੀ ਪ੍ਰਧਾਨ, ਚਰਨਜੀਤ ਸਿੰਘ ਗਰੇਵਾਲ, ਜਤਿੰਦਰ ਸਿੰਘ ਖਾਲਸਾ ਬੁਲਾਰਾ ਪੰਜਾਬ, ਗੁਰਜੀਤ ਸਿੰਘ, ਸਤਨਾਮ ਸਿੰਘ ਕੇਹਲੇ ਕੌਰ ਕਮੇਟੀ ਮੈਂਬਰ ਯੂਥ ਅਕਾਲੀ ਦਲ, ਰੋਮੀ ਯੂਥ ਸੀਨੀਅਰ ਅਕਾਲੀ ਆਗੂ ਸਤਨਾਮ ਸਿੰਘ ਬੱਸੂਵਾਲ, ਜਸਵੰਤ ਸਿੰਘ ਪੱਤੀ ਮੁਲਤਾਨੀ, ਪ੍ਰਧਾਨ ਗੁਰਵਿੰਦਰ ਤਰਫ ਕੋਟਲੀ, ਸੀਨੀਅਰ ਅਕਾਲੀ ਆਗੂ ਜਗਰੂਪ ਸਿੰਘ ਕੋਠੇ ਅੱਠ ਚੱਕ , ਨੰਬਰਦਾਰ ਜਗਦੇਵ ਸਿੰਘ ਕਾਕਾ ਲੰਮੇ, ਭਾਵਖੰਡਨ ਸਿੰਘ ਗਿੱਦੜਵਿੰਡੀ, ਗੁਰਬਚਨ ਸਿੰਘ ਬਾਘੀਆ, ਸਾਬਕਾ ਸਰਪੰਚ ਕਰਨੈਲ ਸਿੰਘ ਜਨੇਤਪੁਰਾ, ਬਲਰਾਜ ਸਿੰਘ ਗਰੇਵਾਲ ਲੀਲਾਂ, ਸਰਬਜੀਤ ਸਿੰਘ ਕੰਨਗੋ ਸ਼ੇਰਪੁਰ ਕਲਾਂ, ਸਾਬਕਾ ਸਰਪੰਚ ਨਿਰਭੈ ਸਿੰਘ ਅਲ਼ੀਗੜ੍ਹ, ਪ੍ਰਧਾਨ ਮਨਜੀਤ ਸਿੰਘ ਬਿੱਟੂ, ਪ੍ਰਧਾਨ ਮਿੱਟੂ ਸਵੱਦੀ, ਸਾਬਕਾ ਸਰਪੰਚ ਬੂਟਾ ਸਿੰਘ ਬੁਰਜ ਕੁਲਾਰਾ , ਨਿਰਮਲ ਸਿੰਘ ਬੁਰਜ਼ ਕੁਲਾਰਾ, ਬਲਵੰਤ ਸਿੰਘ ਬਾਦਲ ਹਠੂਰ, ਆੜ੍ਹਤੀਆ ਅਵਤਾਰ ਸਿੰਘ ਕਲੇਰ ਹਠੂਰ, ਡਾਇਰੈਕਟਰ ਬਲਜੀਤ ਸਿੰਘ ਹਠੂਰ, ਪ੍ਰਧਾਨ ਜਗਜੀਤ ਸਿੰਘ ਡੱਲ੍ਹਾ, ਸੀਨੀਅਰ ਅਕਾਲੀ ਆਗੂ ਬਿੱਟੂ ਸਿੱਧੂ ਡੱਲਾ, ਸਾਬਕਾ ਸਰਪੰਚ ਸੁਖਵੀਰ ਸਿੰਘ ਰਾਜੂ ਡਾਗੀਆਂ, ਜਸਵੰਤ ਸਿੰਘ ਗਰੇਵਾਲ ਗਾਲਿਬ, ਜਗਜੀਤ ਸਿੰਘ ਨਬਰਦਾਰ ਗਾਲਿਬ, ਭੁਪਿੰਦਰ ਸਿੰਘ ਗਿੱਲ ਗਾਲਿਬ, ਪ੍ਰਧਾਨ ਸਤਨਾਮ ਸਿੰਘ ਜਗਰਾਓਂ, ਕਮਲਦੀਪ ਸਿੰਘ ਜਗਰਾਓਂ, ਵਿੱਕੀ ਗਾਲਿਬ, ਪ੍ਰਧਾਨ ਜਤਿੰਦਰ ਸਿੰਘ ਕਲੇਰ, ਸੀਨੀਅਰ ਅਕਾਲੀ ਆਗੂ ਗੁਰਦੀਪ ਸਿੰਘ ਗਾਲਿਬ ਖੁਰਦ, ਸੀਨੀਅਰ ਅਕਾਲੀ ਆਗੂ ਦਵਿੰਦਰ ਸਿੰਘ ਖੇਲਾਂ, ਪ੍ਰਧਾਨ ਜੈਪਾਲ ਸਿੰਘ ਸ਼ੇਰਪੁਰ ਕਲਾ, ਪ੍ਰਧਾਨ ਸਿਮਰਨ ਬਾਵਾ, ਸਾਬਕਾ ਸਰਪੰਚ ਕਰਮਜੀਤ ਸਿੰਘ ਕੋਠੇ ਸ਼ੇਰਜੰਗ, ਜਗਤਾਰ ਸਿੰਘ ਕੋਠੇ ਅੱਠ ਚੱਕ, ਅਵਤਾਰ ਸਿੰਘ ਬਿੱਲਾ, ਯੂਥ ਆਗੂ ਅਰਸ਼ ਡੱਲਾ, ਸਰਵੇਸ਼ ਮਾਣੂਕੇ, ਸੁਖਮੰਦਰ ਮਾਣੂਕੇ, ਪ੍ਰਧਾਨ ਹਰਕੀਰਤ ਸਿੰਘ ਸਿੱਧਵਾਂ, ਪ੍ਰਧਾਨ ਰਿੰਕੂ ਅਮਰਗੜ੍ਹ ਕਲੇਰ, ਸਰਤਾਜ ਸਿੰਘ ਗਾਲਿਬ ਰਣ ਸਿੰਘ, ਜਸਪ੍ਰੀਤ ਸਿੰਘ ਚੀਮਾ, ਜਗਤਾਰ ਸਿੰਘ ਤਾਰੀ ਕੋਠੇ ਅੱਠ ਚੱਕ, ਪ੍ਰਿਤਪਾਲ ਸਿੰਘ ਮੱਲ੍ਹਾ, ਪ੍ਰਧਾਨ ਸੁੱਖੂ ਜਗਰਾਓਂ, ਮਨਦੀਪ ਸਿੰਘ ਸਿੱਧਵਾਂ, ਗੁਰਨਾਮ ਸਿੰਘ ਕੋਠੇ ਸ਼ੇਰਜੰਗ, ਬਲਜਿੰਦਰ ਸਿੰਘ ਅਖਾੜਾ, ਗੁਰਦੀਪ ਸਿੰਘ ਬੁਜ਼ਗਰ, ਗੁਰਵਿੰਦਰ ਜੋਜੋ, ਬੂਟਾ ਸਿੰਘ ਮਾਣੂਕੇ, ਜਸਵੰਤ ਸਿੰਘ DMR ਲੰਮੇ , ਨੇਕ ਸਿੰਘ ਲੰਮੇ, ਗਮਦੂਰ ਸਿੰਘ ਲੰਮੇ ਤੇ ਹੋਰ ਆਗੂ ਹਾਜ਼ਰ ।

## ਐਸ.ਆਰ.ਕਲੇਰ ਦੀ ਅਗਵਾਈ ਹੇਠ ਦਿਖਿਆ ਨੌਜਵਾਨਾਂ ਵਿੱਚ ਭਾਰੀ ਉਤਸ਼ਾਹ

ਵਿਧਾਇਕ ਨੇ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਦੀਆਂ ਸਖੀਆਂ ਨਾਲ ਕੀਤੀ ਮੀਟਿੰਗ

# ਸਰਕਾਰੀ ਯੋਜਨਾਵਾਂ ਨੂੰ ਘਰ-ਘਰ ਪਹੁੰਚਾਉਣ 'ਚ ਸਖੀਆਂ ਦੀ ਭੂਮਿਕਾ ਸ਼ਲਾਘਾਯੋਗ : ਬ੍ਰਮ ਸ਼ੰਕਰ ਜਿੰਪਾ

**ਹੁਸ਼ਿਆਰਪੁਰ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਦੀਆਂ ਸਖੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਨੇ ਪੰਜਾਬ ਸਰਕਾਰ ਦੀ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਸਖੀਆਂ ਵੱਲੋਂ ਨਿਭਾਈ ਗਈ ਅਹਿਮ ਭੂਮਿਕਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ। ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਆਰਥਿਕ ਸਸ਼ਕਤੀਕਰਨ ਅਤੇ ਸਨਮਾਨ ਨੂੰ ਧਿਆਨ ਵਿੱਚ ਰੱਖਦਿਆਂ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਗਈ ਹੈ। ਇਸ ਯੋਜਨਾ ਦੀ ਜਾਣਕਾਰੀ ਯੋਗ ਮਹਿਲਾਵਾਂ ਤੱਕ ਪਹੁੰਚਾਉਣ ਅਤੇ ਉਨ੍ਹਾਂ ਨੂੰ ਇਸ ਦਾ ਲਾਭ ਦਿਵਾਉਣ ਵਿੱਚ ਸਖੀਆਂ ਨੇ ਅਹਿਮ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਸਖੀਆਂ ਦੀ ਮਿਹਨਤ ਅਤੇ ਸਮਰਪਣ ਸਦਕਾ ਵੱਡੀ ਗਿਣਤੀ ਵਿੱਚ ਔਰਤਾਂ ਤੱਕ ਇਸ ਯੋਜਨਾ ਦੀ ਜਾਣਕਾਰੀ ਪਹੁੰਚੀ ਹੈ ਅਤੇ ਉਹ ਇਸ ਦਾ ਲਾਭ ਲੈਣ ਲਈ ਅੱਗੇ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਅਸਲ ਲਾਭ ਉਦੋਂ ਹੀ ਲੋਕਾਂ ਤੱਕ ਪਹੁੰਚ ਸਕਦਾ ਹੈ, ਜਦੋਂ ਉਨ੍ਹਾਂ ਨੂੰ ਇਨ੍ਹਾਂ ਯੋਜਨਾਵਾਂ ਬਾਰੇ ਪੂਰੀ ਜਾਣਕਾਰੀ ਹੋਵੇ। ਇਸੇ ਉਦੇਸ਼ ਨਾਲ ਉਨ੍ਹਾਂ ਨੇ ਸਖੀਆਂ ਨੂੰ ਅਪੀਲ ਕੀਤੀ ਕਿ ਉਹ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੇ ਨਾਲ-ਨਾਲ ਪੰਜਾਬ ਸਰਕਾਰ ਦੀਆਂ ਹੋਰ ਲੋਕ ਹਿੱਤੂ ਯੋਜਨਾਵਾਂ ਬਾਰੇ ਵੀ ਲੋਕਾਂ ਨੂੰ ਜਾਗਰੂਕ ਕਰਨ। ਉਨ੍ਹਾਂ ਨੇ ਮੁੱਖ ਮੰਤਰੀ ਮੇਰੀ ਰਸੋਈ ਯੋਜਨਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਯੋਜਨਾ ਰਾਹੀਂ ਯੋਗ ਰਾਸ਼ਨ ਕਾਰਡ ਧਾਰਕ ਪਰਿਵਾਰਾਂ ਨੂੰ ਜ਼ਰੂਰੀ ਖੁਰਾਕੀ ਸਮੱਗਰੀ ਦੀਆਂ ਕਿੱਟਾਂ ਮੁਹੱਈਆ ਕਰਵਾਉਣ ਦੀ ਵਿਵਸਥਾ ਕੀਤੀ ਗਈ ਹੈ, ਜਿਸ ਨਾਲ ਲੋੜਵੰਦ ਪਰਿਵਾਰਾਂ ਨੂੰ ਘਰੇਲੂ ਖਰਚਿਆਂ ਵਿੱਚ ਰਾਹਤ ਮਿਲ ਸਕੇਗੀ। ਇਸ ਤੋਂ ਇਲਾਵਾ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਯੋਗ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਇਲਾਜ ਦੀ ਸਹੂਲਤ ਦੇਣ ਦੀ ਵਿਵਸਥਾ ਹੈ। ਵਿਧਾਇਕ ਨੇ ਕਿਹਾ ਕਿ ਆਮ ਆਦਮੀ ਕਲੀਨਿਕ ਪੰਜਾਬ ਸਰਕਾਰ ਦੀਆਂ ਸਿਹਤ ਸੇਵਾਵਾਂ ਨਾਲ ਜੁੜੀ ਇੱਕ ਅਹਿਮ ਪਹਿਲਕਦਮੀ ਹੈ। ਇਹ ਕਲੀਨਿਕ ਲੋਕਾਂ ਦੇ ਘਰਾਂ ਦੇ ਨੇੜੇ ਖੋਲ੍ਹੇ ਗਏ ਹਨ, ਜਿੱਥੇ ਯੋਗ ਡਾਕਟਰਾਂ ਵੱਲੋਂ ਮੁਫ਼ਤ ਸਿਹਤ ਜਾਂਚ, ਮੁਫ਼ਤ ਦਵਾਈਆਂ ਅਤੇ ਵੱਖ-ਵੱਖ ਮੈਡੀਕਲ ਟੈਸਟਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਨਾਲ ਲੋਕਾਂ ਨੂੰ ਆਪਣੇ ਇਲਾਕੇ ਵਿੱਚ ਹੀ ਬਿਹਤਰ ਮੁੱਢਲੀਆਂ ਸਿਹਤ ਸੇਵਾਵਾਂ ਮਿਲ ਰਹੀਆਂ ਹਨ ਅਤੇ ਉਨ੍ਹਾਂ ਨੂੰ ਛੋਟੀਆਂ-ਮੋਟੀਆਂ ਸਿਹਤ ਸਮੱਸਿਆਵਾਂ ਲਈ ਦੂਰ ਜਾਣ ਦੀ ਲੋੜ ਨਹੀਂ ਪੈਂਦੀ। ਉਨ੍ਹਾਂ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਵਿਸ਼ੇਸ਼ ਬੱਸਾਂ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਤੋਂ ਇਲਾਵਾ ਮੁਫ਼ਤ ਬਿਜਲੀ ਸਮੇਤ ਹੋਰ ਲੋਕ ਭਲਾਈ ਯੋਜਨਾਵਾਂ ਦਾ ਉਦੇਸ਼ ਆਮ ਲੋਕਾਂ ਨੂੰ ਆਰਥਿਕ ਰਾਹਤ ਅਤੇ ਬਿਹਤਰ ਸਹੂਲਤਾਂ ਪ੍ਰਦਾਨ ਕਰਨਾ ਹੈ। ਬ੍ਰਮ ਸ਼ੰਕਰ ਜਿੰਪਾ ਨੇ ਸਖੀਆਂ ਨੂੰ ਕਿਹਾ ਕਿ ਉਹ ਇਸੇ ਤਰ੍ਹਾਂ ਲੋਕਾਂ ਨਾਲ ਆਪਣਾ ਸੰਪਰਕ ਬਣਾਈ ਰੱਖਣ ਅਤੇ ਉਨ੍ਹਾਂ ਨੂੰ ਸਰਕਾਰੀ ਯੋਜਨਾਵਾਂ ਦੀ ਯੋਗਤਾ, ਲਾਭ ਅਤੇ ਅਰਜ਼ੀ ਦੇਣ ਦੀ ਪ੍ਰਕਿਰਿਆ ਬਾਰੇ ਜਾਗਰੂਕ ਕਰਨ। ਉਨ੍ਹਾਂ ਕਿਹਾ ਕਿ ਸਖੀਆਂ ਸਰਕਾਰ ਅਤੇ ਆਮ ਜਨਤਾ ਵਿਚਕਾਰ ਇੱਕ ਅਹਿਮ ਕੜੀ ਹਨ ਅਤੇ ਉਨ੍ਹਾਂ ਦੇ ਯਤਨਾਂ ਸਦਕਾ ਵੱਧ ਤੋਂ ਵੱਧ ਲੋੜਵੰਦ ਪਰਿਵਾਰ ਸਰਕਾਰੀ ਯੋਜਨਾਵਾਂ ਦਾ ਲਾਭ ਉਠਾ ਸਕਣਗੇ।

## ਇੱਕ ਨਜ਼ਰ ...

# ਭਾਜਪਾ ਵਰਕਰਾਂ ਨੇ 1984 ਦੇ ਸਿੱਖ ਕਤਲੇਆਮ ਨੂੰ ਲੈ ਕੇ ਕਾਂਗਰਸ ਪਾਰਟੀ ਵਿਰੁੱਧ ਜ਼ੋਰਦਾਰ ਪ੍ਰਦਰਸ਼ਨ ਕੀਤਾ, ਪੁਤਲਾ ਸਾੜਿਆ

☛ 1984 ਦੇ ਪੀੜਤਾਂ ਦੇ ਪਰਿਵਾਰ ਅਜੇ ਵੀ ਪੂਰੇ ਇਨਸਾਫ ਦੀ ਉਡੀਕ ਕਰ ਰਹੇ ਹਨ: ਸੁਨੀਲ ਮੌਦਗਿਲ ☛ ਰਾਹੁਲ ਗਾਂਧੀ ਨੂੰ ਦੇਸ਼ ਨੂੰ ਦੱਸਣਾ ਚਾਹੀਦਾ ਹੈ ਕਿ ਉਹ 1984 ਵਿੱਚ ਵਾਪਰੀ ਘਟਨਾ ਨੂੰ ਸਹੀ ਮੰਨਦੇ ਹਨ ਜਾਂ ਗਲਤ: ਸਰਦਾਰ ਗੁਰਦੀਪ ਸਿੰਘ ਗੋਸ਼ਾ





**ਲੁਧਿਆਣਾ, 4 ਨਵੰਬਰ ( ਆਵਾਜਿ ਕੌਮ ਬਿਊਰੋ ਰਿਪੋਰਟ )**-(ਚਾਂਦਨੀ) ਭਾਜਪਾ ਜ਼ਿਲ੍ਹਾ ਪ੍ਰਧਾਨ ਸੁਨੀਲ ਮੌਦਗਿਲ ਦੀ ਅਗਵਾਈ ਹੇਠ ਭਾਜਪਾ ਵਰਕਰਾਂ ਨੇ 1984 ਦੇ ਸਿੱਖ ਕਤਲੇਆਮ ਨੂੰ ਲੈ ਕੇ ਟਿੱਬਾ ਰੋਡ 'ਤੇ ਕਾਂਗਰਸ ਪ੍ਰਧਾਨ ਸੰਜੇ ਤਲਵਾੜ ਦੇ ਦਫ਼ਤਰ ਦੇ ਬਾਹਰ ਜ਼ੋਰਦਾਰ ਪ੍ਰਦਰਸ਼ਨ ਕੀਤਾ। ਵਿਰੋਧ ਪ੍ਰਦਰਸ਼ਨ ਦੌਰਾਨ ਵਰਕਰਾਂ ਨੇ ਕਾਂਗਰਸ ਪਾਰਟੀ ਵਿਰੁੱਧ ਨਾਅਰੇਬਾਜ਼ੀ ਕੀਤੀ ਅਤੇ ਪੁਤਲਾ ਸਾੜਿਆ। ਭਾਜਪਾ ਪੰਜਾਬ ਸੂਬਾ ਉਪ ਪ੍ਰਧਾਨ ਜਤਿੰਦਰ ਮਿੱਤਲ, ਸੂਬਾ ਖਜ਼ਾਨਚੀ ਗੁਰਦੇਵ ਸ਼ਰਮਾ ਦੇਵੀ ਅਤੇ ਸਾਬਕਾ ਸੂਬਾ ਜਨਰਲ ਸਕੱਤਰ ਪ੍ਰਵੀਨ ਬਾਂਸਲ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ।

ਇਸ ਮੌਕੇ ਭਾਜਪਾ ਜ਼ਿਲ੍ਹਾ ਪ੍ਰਧਾਨ ਸੁਨੀਲ ਮੌਦਗਿਲ ਨੇ ਕਿਹਾ ਕਿ 1984 ਦਾ ਸਿੱਖ ਕਤਲੇਆਮ ਭਾਰਤੀ ਇਤਿਹਾਸ ਦਾ ਇੱਕ ਬਹੁਤ ਹੀ ਦਰਦਨਾਕ ਅਤੇ ਸ਼ਰਮਨਾਕ ਅਧਿਆਇ ਹੈ। ਹਜ਼ਾਰਾਂ ਮਾਸੂਮ ਲੋਕਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ, ਪਰਿਵਾਰ ਤਬਾਹ ਹੋ ਗਏ, ਅਤੇ ਬਹੁਤ ਸਾਰੇ ਲੋਕਾਂ ਨੂੰ ਆਪਣੇ ਘਰ ਛੱਡਣ ਲਈ ਮਜਬੂਰ ਹੋਣਾ ਪਿਆ। ਇਸ ਦੁਖਾਂਤ ਤੋਂ ਪ੍ਰਭਾਵਿਤ ਪਰਿਵਾਰ ਆਪਣੇ ਅਜ਼ੀਜ਼ਾਂ ਦੇ ਨੁਕਸਾਨ ਦਾ ਸੋਗ ਮਨਾ ਰਹੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰਾਂ ਦੇ ਕਾਰਜਕਾਲ ਦੌਰਾਨ, 1984 ਦੇ ਮਾਮਲਿਆਂ ਵਿੱਚ ਦੋਸ਼ੀਆਂ ਨੂੰ ਸਜ਼ਾ ਦੇਣ ਲਈ ਮਹੱਤਵਪੂਰਨ ਕਾਰਵਾਈ ਕੀਤੀ ਗਈ ਅਤੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਦੇ ਯਤਨ ਕੀਤੇ ਗਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਾਂਗਰਸ ਪਾਰਟੀ ਨੂੰ ਇਸ ਦੁਖਾਂਤ ਪ੍ਰਤੀ ਆਪਣੀ ਜ਼ਿੰਮੇਵਾਰੀ ਤੋਂ ਨਹੀਂ ਭੱਜਣਾ ਚਾਹੀਦਾ। ਦੇਸ਼ ਦੇ ਲੋਕਾਂ ਨੂੰ ਇਹ ਜਾਣਨ ਦਾ ਅਧਿਕਾਰ ਹੈ ਕਿ ਉਸ ਸਮੇਂ ਵਾਪਰੀਆਂ ਘਟਨਾਵਾਂ ਲਈ ਜ਼ਿੰਮੇਵਾਰ ਲੋਕਾਂ ਨੂੰ ਕਿਵੇਂ ਜਵਾਬਦੇਹ ਠਹਿਰਾਇਆ ਗਿਆ।

ਭਾਜਪਾ ਨੇਤਾ ਸਰਦਾਰ ਗੁਰਦੀਪ ਸਿੰਘ ਗੋਸ਼ਾ ਨੇ ਕਿਹਾ ਕਿ 1984 ਦੇ ਸਿੱਖ ਕਤਲੇਆਮ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਪੀੜਤਾਂ ਦੇ ਪਰਿਵਾਰਾਂ ਨੂੰ ਇਨਸਾਫ਼ ਦੇਣਾ ਸਿਰਫ਼ ਇੱਕ ਰਾਜਨੀਤਿਕ ਮੁੱਦਾ ਨਹੀਂ ਹੈ, ਸਗੋਂ ਨਿਆਂ ਅਤੇ ਮਨੁੱਖਤਾ ਦਾ ਸਵਾਲ ਹੈ। ਉਨ੍ਹਾਂ ਕਾਂਗਰਸ ਨੇਤਾ ਰਾਹੁਲ ਗਾਂਧੀ ਨੂੰ ਸਿੱਧੇ ਤੌਰ 'ਤੇ ਸਵਾਲ ਕੀਤਾ, ਉਨ੍ਹਾਂ ਨੂੰ ਦੇਸ਼ ਨੂੰ ਸਪੱਸ਼ਟ ਤੌਰ 'ਤੇ ਦੱਸਣ ਲਈ ਕਿਹਾ ਕਿ ਕੀ ਉਨ੍ਹਾਂ ਨੇ 1984 ਵਿੱਚ ਕੀ ਹੋਇਆ ਸੀ, ਜਦੋਂ ਉਨ੍ਹਾਂ ਦੇ ਪਿਤਾ ਰਾਜੀਵ ਗਾਂਧੀ ਪ੍ਰਧਾਨ ਮੰਤਰੀ ਸਨ, ਸਹੀ ਜਾਂ ਗਲਤ ਬਾਰੇ ਸੋਚਿਆ। ਰਾਹੁਲ ਗਾਂਧੀ ਨੂੰ ਇਸ ਮੁੱਦੇ 'ਤੇ ਦੇਸ਼ ਦੇ ਸਾਹਮਣੇ ਆਪਣਾ ਸਪੱਸ਼ਟ ਸਟੈਂਡ ਪੇਸ਼ ਕਰਨਾ ਚਾਹੀਦਾ ਹੈ, ਤਾਂ ਜੋ ਦੇਸ਼ ਦੇ ਲੋਕ ਵੀ ਜਾਣ ਸਕਣ ਕਿ ਕਾਂਗਰਸ ਲੀਡਰਸ਼ਿਪ ਇਸ ਦਰਦਨਾਕ ਇਤਿਹਾਸ ਅਤੇ ਪੀੜਤ ਪਰਿਵਾਰਾਂ ਲਈ ਇਨਸਾਫ਼ ਦੇ ਸਵਾਲ ਬਾਰੇ ਕੀ ਸੋਚਦੀ ਹੈ।

ਉਨ੍ਹਾਂ ਅੱਗੇ ਕਿਹਾ ਕਿ 1984 ਦੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਨਿਰਪੱਖ ਜਾਂਚ, ਦੋਸ਼ੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਅਤੇ ਸਜ਼ਾਵਾਂ ਦਿਵਾਉਣ ਦਾ ਕੰਮ ਸਿਰਫ਼ ਮੋਦੀ ਸਰਕਾਰ ਨੇ ਹੀ ਕੀਤਾ ਹੈ ।ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਸ਼ਿਨੂੰ ਚੁੱਘ, ਕੈਲਾਸ਼ ਚੌਧਰੀ, ਮੀਤ ਪ੍ਰਧਾਨ ਸੁਮਿਤ ਟੰਡਨ, ਸੰਜੇ ਗੋਸਾਈ, ਸਰਦਾਰ ਗੁਰਦੀਪ ਸਿੰਘ ਨੀਟੂ, ਸਰਪੰਚ ਸਰਬਜੀਤ ਸਿੰਘ, ਸਰਪੰਚ ਸਰਬਜੀਤ ਸਿੰਘ, ਨਰੇਂਦਰ ਸਿੰਘ ਜਗਸੀਰ, ਡਾ. ਸੇਠੀ, ਚੰਦਨ ਗੁਪਤਾ, ਅਤੁਲ ਜੈਨ, ਵਿੱਕੀ ਸਹੋਤਾ, ਅਜੈ ਗੌੜ, ਖਾਂਚੀ ਬੌਬੀ ਜਿੰਦਲ, ਪ੍ਰੈੱਸ ਸਕੱਤਰ ਡਾ: ਸਤੀਸ਼ ਕੁਮਾਰ, ਅਮਿਤ ਨਾਗੀ, ਸਰਦਾਰ ਵਿਨੀਤ ਪਾਲ ਮੋਂਗਾ, ਮਹਿਲਾ ਮੋਰਚਾ ਦੀ ਜ਼ਿਲ੍ਹਾ ਪ੍ਰਧਾਨ ਲੀਨਾ ਟਪਾਰੀਆ, ਸੀਮਾ ਸ਼ਰਮਾ, ਯੁਵਾ ਮੋਰਚਾ ਦੇ ਪ੍ਰਧਾਨ ਅਜਿੰਦਰ ਸਿੰਘ, ਕਿਸਾਨ ਮੋਰਚਾ ਦੇ ਪ੍ਰਧਾਨ ਸੁਖਦੇਵ ਸਿੰਘ ਵਿੰਡਰਵਾਲ, ਸਾਬਕਾ ਕੌਂਸਲਰ ਸੁਖਦੇਵ ਸਿੰਘ ਵਿਦੰਰਵਾਲ, ਏ. ਵਿਸ਼ਾਲ ਰੁਚੀ ਗੁਲਾਟੀ, ਅਨਿਲ ਭਾਰਦਵਾਜ, ਗੌਰਵ ਅਰੋੜਾ, ਵਿਭੋਰ ਗਰਗ, ਹੈਪੀ ਰੰਧਾਵਾ, ਪਿੰਕੂ ਸ਼ਰਮਾ, ਵਿਨੀਤ ਬਹਿਲ, ਐੱਸ ਸੀ ਮੋਰਚਾ ਦੇ ਪ੍ਰਧਾਨ ਜਤਿੰਦਰ ਗੋਰੀਆ, ਧਰਨੇ ਵਿੱਚ ਓਬੀਸੀ ਮੋਰਚਾ ਨਵੀਨ ਸੈਣੀ, ਮੰਡਲ/ਸਰਕਲ ਪ੍ਰਧਾਨ ਅੰਕੁਰ ਵਰਮਾ, ਅਮਿਤ ਮਿੱਤਲ, ਰਿਤੇਸ਼ ਜੈਸਵਾਲ, ਰਾਜੀਵ ਵਰਮਾ, ਸੰਜੇ ਸ਼ਰਮਾ, ਅਮਨ ਸੈਣੀ, ਮੀਕਾ ਲਖਨਪਾਲ, ਗੁਰਮੁਖ ਨਾਮਧਾਰੀ ਆਦਿ ਨੇ ਸ਼ਮੂਲੀਅਤ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਆਓ ਪੰਜਾਬੀ

## ਸਿੱਖੀਏ ਅਤੇ ਸਿੱਖਾਈਏ

## ਮਾਂ ਬੋਲੀ ਦਾ ਮਾਣ ਵਧਾਈਏ




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

**ਅਾਵਾਜ਼ਿ ਕੌਮ**

+447458381111 +447976210161 +919729091243